ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 3 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੨੦ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਸਤਿਸੰਗ ਦੌਰਾਨ ਮਚੀ ਭਾਜੜ ’ਚ
# 128 ਲੋਕਾਂ ਦੀ ਮੌਤ

**ਹਾਥਰਸ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਹਾਥਰਸ ਵਿਚ ਇੱਕ ਵੱਡਾ ਹਾਦਸਾ ਵਾਪਰ ਗਿਆ ਹੈ। ਇੱਥੇ ਸਤਿਸੰਗ ਦੌਰਾਨ ਭਾਜੜ ਮਚ ਗਈ। ਹਾਥਰਸ ਦੇ ਸਿਕੰਦਰਰਾਊ ਥਾਣਾ ਖੇਤਰ ਦੇ ਪਿੰਡ ਫੁੱਲਰਾਈ ’ਚ ਆਯੋਜਿਤ ਭੋਲੇ ਬਾਬਾ ਦੇ ਸਤਿਸੰਗ ’ਚ ਭਾਜੜ ਮਚ ਗਈ। ਇਸ ਹਾਦਸੇ ’ਚ ਹੁਣ ਤਕ ਲਗਭਗ 128 ਲੋਕਾਂ ਦੀ ਮੌਤ ਦੀ ਖਬਰ ਹੈ। ਮਰਨ ਵਾਲਿਆਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਸ਼ਾਮਲ ਹਨ। ਇਸ ਤੋਂ ਇਲਾਵਾ ਇਸ ਹਾਦਸੇ ’ਚ 100 ਤੋਂ ਵੱਧ ਸ਼ਰਧਾਲੂ ਜ਼ਖ਼ਮੀ ਵੀ ਹੋਏ ਹਨ। ਇਨ੍ਹਾਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ। ਸੀ. ਐਮ. ਓ ਨੇ ਇਸ ਦੀ ਪੁਸ਼ਟੀ ਕੀਤੀ ਹੈ। ਦੱਸਿਆ ਜਾ ਰਿਹਾ ਹੈ ਕਿ ਸਤਿਸੰਗ ਵਿੱਚ 50 ਹਜ਼ਾਰ ਤੋਂ ਵੱਧ ਸ਼ਰਧਾਲੂ ਮੌਜੂਦ ਸਨ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਉੱਚ ਅਧਿਕਾਰੀ ਵੀ ਮੌਕੇ ’ਤੇ ਪਹੁੰਚ ਗਏ ਹਨ। ਜਾਣਕਾਰੀ ਮੁਤਾਬਕ ਜ਼ਖਮੀਆਂ ਨੂੰ ਬੱਸ-ਟੈਂਟਾਂ ’ਚ ਲੱਦ ਕੇ ਜ਼ਿਲਾ ਹਸਪਤਾਲ ਲਿਜਾਇਆ ਗਿਆ। ਜ਼ਿਲ੍ਹਾ ਮੈਜਿਸਟ੍ਰੇਟ ਅਤੇ ਐਸ.ਪੀ ਮੌਕੇ ’ਤੇ ਪਹੁੰਚ ਗਏ ਹਨ। ਇਸ ਤੋਂ ਇਲਾਵਾ ਕਈ ਥਾਣਿਆਂ ਦੀ ਫੋਰਸ ਨੂੰ ਵੀ ਮੌਕੇ ’ਤੇ ਬੁਲਾਇਆ ਗਿਆ ਹੈ।

ਲੋਕ ਸਭਾ ’ਚ ਰਾਸ਼ਟਰਪਤੀ ਦੇ ਭਾਸ਼ਣ ’ਤੇ ਆਪਣੇ ਸੰਬੋਧਨ ਦੌਰਾਨ ਪੀ.ਐੱਮ. ਮੋਦੀ ਨੇ ਹਾਥਰਸ ਹਾਦਸੇ ਦਾ ਜ਼ਿਕਰ ਕਰਕੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਪੀੜਤਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਪੀ.ਐੱਮ. ਮੋਦੀ ਨੇ ਕਿਹਾ ਕਿ ਯੂ.ਪੀ. ਦੇ ਹਾਥਰਸ ’ਚ ਮਚੀ ਭਗਦੜ ’ਚ ਕਈ ਲੋਕਾਂ ਦੇ ਮਾਰੇ ਜਾਣ ਦੀ ਖ਼ਬਰ ਆ ਰਹੀ ਹੈ। ਮੈਂ ਉਨ੍ਹਾਂ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਾ ਹਾਂ ਜਿਨ੍ਹਾਂ ਨੇ ਆਪਣੀ ਜਾਨ ਗਵਾਈ ਹੈ। ਮੈਂ ਸਾਰਿਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ। ਕੇਂਦਰ, ਸੂਬਾ ਸਰਕਾਰ ਨਾਲ ਲਗਾਤਾਰ ਸੰਪਰਕ ਵਿੱਚ ਹੈ। ਮੈਂ ਭਰੋਸਾ ਦਿਵਾਉਂਦਾ ਹਾਂ ਕਿ ਪੀੜਤਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਸੀ. ਐਮ. ਓ ਨੇ ਇਸ ਦੀ ਪੁਸ਼ਟੀ ਕੀਤੀ ਹੈ। ਦੱਸਿਆ ਜਾ ਰਿਹਾ ਹੈ ਕਿ ਸਤਿਸੰਗ ਵਿੱਚ 50 ਹਜ਼ਾਰ ਤੋਂ ਵੱਧ ਸ਼ਰਧਾਲੂ ਮੌਜੂਦ ਸਨ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਉੱਚ ਅਧਿਕਾਰੀ ਵੀ ਮੌਕੇ ’ਤੇ ਪਹੁੰਚ ਗਏ ਹਨ। ਜਾਣਕਾਰੀ ਮੁਤਾਬਕ ਜ਼ਖਮੀਆਂ ਨੂੰ ਬੱਸ-ਟੈਂਟਾਂ ’ਚ ਲੱਦ ਕੇ ਜ਼ਿਲਾ ਹਸਪਤਾਲ ਲਿਜਾਇਆ ਗਿਆ। ਜ਼ਿਲ੍ਹਾ ਮੈਜਿਸਟ੍ਰੇਟ ਅਤੇ ਐਸ.ਪੀ ਮੌਕੇ ’ਤੇ ਪਹੁੰਚ ਗਏ ਹਨ। ਇਸ ਤੋਂ ਇਲਾਵਾ ਕਈ ਥਾਣਿਆਂ ਦੀ ਫੋਰਸ ਨੂੰ ਵੀ ਮੌਕੇ ’ਤੇ ਬੁਲਾਇਆ ਗਿਆ ਹੈ।

ਇਸ ਮਾਮਲੇ ਦਾ ਨੋਟਿਸ ਲੈਂਦਿਆਂ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਅਧਿਕਾਰੀਆਂ ਨੂੰ ਰਾਹਤ ਕਾਰਜਾਂ ਵਿੱਚ ਜੁਟਣ ਲਈ ਕਿਹਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਤੁਰੰਤ ਮੌਕੇ ’ਤੇ ਪਹੁੰਚ ਕੇ ਰਾਹਤ ਕਾਰਜ ਤੇਜ਼ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ। ਸੂਤਰਾਂ ਮੁਤਾਬਕ ਘਟਨਾ ਦੇ ਕਾਰਨਾਂ ਦੀ ਜਾਂਚ ਲਈ ਏ. ਡੀ. ਜੀ ਆਗਰਾ ਅਤੇ ਅਲੀਗੜ੍ਹ ਕਮਿਸ਼ਨਰ ਦੀ ਟੀਮ ਬਣਾਈ ਗਈ ਹੈ। ਇਨ੍ਹਾਂ ਲਾਸ਼ਾਂ ਨੂੰ ਦੇਖ ਕੇ ਇੱਕ ਪੁਲਿਸ ਵਾਲੇ ਨੂੰ ਵੀ ਹਾਰਟ ਅਟੈਕ ਆ ਗਿਆ, ਜਿਸ ਦੀ ਮੌਤ ਹੋ ਗਈ।

## ਲਾਸ਼ਾਂ ਦੇਖ ਪੁਲਿਸ ਵਾਲੇ ਨੂੰ ਆਇਆ ਹਾਰਟ ਅਟੈਕ, ਮੌਤ






## ਪੰਜਾਬ ਦੀ ਸਿਆਸਤ ’ਚ ਵੱਡਾ ਧਮਾਕਾ, ਅਕਾਲੀ ਦਲ ਦੀ ਉਮੀਦਵਾਰ ਸੁਰਜੀਤ ਕੌਰ ‘ਆਪ’ ’ਚ ਸ਼ਾਮਲ



**ਜਲੰਧਰ , 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵੈਸਟ ਵਿਧਾਨ ਸਭਾ ਹਲਕੇ ’ਚ ਹੋਣ ਵਾਲੀ ਜ਼ਿਮਨੀ ਚੋਣ ਤੋਂ ਪਹਿਲਾਂ ਪੰਜਾਬ ਦੀ ਸਿਆਸਤ ਵਿਚ ਵੱਡਾ ਧਮਾਕਾ ਹੋਇਆ ਹੈ। ਅਕਾਲੀ ਦਲ ਦੀ ਉਮੀਦਵਾਰ ਸੁਰਜੀਤ ਕੌਰ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਸੁਰਜੀਤ ਕੌਰ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਲ ਕੀਤਾ ਹੈ। ਉਨ੍ਹਾਂ ਇਹ ਫੈਸਲਾ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕਰਨ ਤੋਂ ਬਾਅਦ ਲਿਆ। ਮੁੱਖ ਮੰਤਰੀ ਨੇ ਉਨ੍ਹਾਂ ਦਾ ਪਾਰਟੀ ਵਿਚ ਨਿੱਘਾ ਸਵਾਗਤ ਕੀਤਾ। ਦੱਸਣਯੋਗ ਹੈ ਕਿ ਜਲੰਧਰ ਜ਼ਿਮਨੀ ਚੋਣ ਲਈ ਵੋਟਾਂ 10 ਜੁਲਾਈ ਨੂੰ ਪੈਣਗੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸੁਰਜੀਤ ਕੌਰ ਨੂੰ ਸਰਕਾਰ ਵਿੱਚ ਚੰਗੀ ਜ਼ਿੰਮੇਵਾਰੀ ਦੇਣਗੇ। ਆਮ ਆਦਮੀ ਪਾਰਟੀ ਨੇ ਭਾਜਪਾ ਦੇ ਸਾਬਕਾ ਮੰਤਰੀ ਚੂੰਨੀ ਲਾਲ ਭਗਤ ਦੇ ਪੁੱਤਰ ਮਹਿੰਦਰ ਭਗਤ ਨੂੰ ਉਮੀਦਵਾਰ ਬਣਾਇਆ ਹੈ ਜਦਕਿ ਅਕਾਲੀ ਦਲ ਪਹਿਲਾਂ ਹੀ ਆਪਣੇ ਉਮੀਦਵਾਰ ਤੋਂ ਪੈਰ ਪਛਾਂਹ ਖਿੱਚ ਚੁੱਕਾ ਹੈ।

## ’ਆਪ ਦਾ ਹੀ ਵਿਧਾਇਕ ਮੁੱਖ ਮੰਤਰੀ ਦੀ ਪਤਨੀ ਤੇ ਭੈਣ ਦੇ ਨਾਮ ’ਤੇ ਕਰ ਰਿਹਾ ਕਰੋੜਾਂ ਦੀ ਵਸੂਲੀ, ਕਲੋਨੀ ਕੱਟਣ ਦਾ 25 ਲੱਖ ਤੇ ਮੌਲ ਬਣਾਉਣ ਦਾ ਮੰਗਦਾ 50 ਲੱਖ’

**ਜਲੰਧਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਪਛਮੀ ਸੀਟ ’ਤੇ ਹੋਣ ਵਾਲੀ ਜ਼ਿਮਨੀ ਚੋਣ ਤੋਂ ਪਹਿਲਾਂ ਹੀ ਕਈ ਸਿਆਸੀ ਵਿਵਾਦ ਪੈਦਾ ਹੋ ਰਹੇ ਹਨ। ਆਮ ਆਦਮੀ ਪਾਰਟੀ ਛੱਡ



ਕੇ ਭਾਜਪਾ ’ਚ ਗਏ ਸ਼ੀਤਲ ਅੰਗੁਰਾਲ ਨੇ ਆਪ ਵਿਧਾਇਕ ’ਤੇ ਸੀਐਮ ਭਗਵੰਤ ਮਾਨ ਦੇ ਪਤਨੀ ਅਤੇ ਭੈਣ ਜੀ ਦੇ ਨਾਮ ’ਤੇ ਹਫ਼ਤਾ ਵਸੂਲੀ ਕਰਨ ਦੇ ਇਲਜਾਮ ਲਾਏ ਹਨ। ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਲਟੀਮੇਟ ਦਿੱਤਾ ਹੈ ਕਿ ਜੇਕਰ ਉਹਨਾਂ ਨੇ ਮੇਰੇ ਤੋਂ ਸਬੂਤ ਨਹੀਂ ਮੰਗਵਾਏ ਤਾਂ 5 ਜੁਲਾਈ ਨੂੰ ਇਹ ਸਾਰੇ ਸਬੂਤ ਜਨਤਕ ਕਰ ਦਿੱਤੇ ਜਾਣਗੇ। ਅੰਗੁਰਾਲ ਨੇ ਕਿਹਾ ਕਿ ਕਿ ਜਲੰਧਰ ਸੈਂਟਰਲ ਤੋਂ ਵਿਧਾਇਕ ਰਮਨ ਅਰੋੜ ਮੁੱਖ ਮੰਤਰੀ ਦੇ ਪਤਨੀ ਅਤੇ ਭੈਣ ਦੇ ਨਾਮ ’ਤੇ ਜਲੰਧਰ ਵਿੱਚ ਵਸੂਲੀ ਕਰਦਾ ਹੈ। ਇਸ ਦਾ ਰੇਟ ਵੀ ਤੈਅ ਕੀਤਾ ਹੋਇਆ ਹੈ ਜਿਵੇ. ਕੇ ਕੋਈ ਦੁਕਾਨ ਦਾ ਲੈਂਟਰ ਪਾਉਂਦਾ ਹੈ ਤਾਂ ਉਸ ਤੋਂ 5 ਲੱਖ ਰੁਪਏ ਵਸੂਲੇ ਜਾਂਦੇ ਹਨ। ਇਸੇ ਤਰ੍ਹਾਂ ਕੋਈ ਕਲੋਨੀ ਕੱਟਦਾ ਹੈ ਤਾਂ ਉਸ ਲਈ 25 ਲੱਖ ਰੁਪਏ, ਮੌਲ ਬਣਾਉਣ ਲਈ 50 ਲੱਖ ਰੁਪਏ ਕੋਈ ਛੱਤ ਪਾਉਂਦਾ ਤਾਂ ਉਸ ਤੋਂ 2 ਲੱਖ ਰੁਪਏ ਵਸੂਲੇ ਜਾਂਦੇ ਹਨ। ਇਹਨਾਂ ਇਲਜ਼ਾਮਾਂ ਤੋਂ ਬਾਅਦ ਅਕਾਲੀ ਦਲ ਦੇ ਜਨਰਲ ਸਕੱਤਰ ਬਿਕਰਮ ਸਿੰਘ ਮਜੀਠੀਆ ਨੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ। ਉਹਨਾਂ ਨੇ ਟਵੀਟ ਕਰਕੇ ਲਿਖਿਆ ਕਿ - ਜਲੰਧਰ ਪੂਰਬੀ ਤੋਂ ਭਾਜਪਾ ਦੇ ਜਿਮਨੀ ਚੋਣ ਦੇ ਉਮੀਦਵਾਰ ਸ਼ੀਤਲ ਅੰਗੂਰਾਲ ਵੱਲੋਂ ਜਲੰਧਰ ਸੈਂਟਰਲ ਦੇ ਵਿਧਾਇਕ ਰਮਨ ਅਰੋੜਾ ਵੱਲੋਂ ਮੁੱਖ ਮੰਤਰੀ ਦੇ ਭੈਣ ਜੀ ਮਾਤਾ ਜੀ ਅਤੇ ਪਤਨੀ ਦੇ ਨਾਮ ਤੇ ਲੋਕਾਂ ਕੋਲੋਂ ਹਿੱਸਾ ਵਸੂਲੀ ਕਰ ਰਿਹਾ ਹੈ ਅਤੇ ਕਾਰੋਬਾਰੀਆਂ ਤੋਂ ਰੰਗਦਾਰੀਆਂ ਵਸੂਲ ਰਿਹਾ ਹੈ। ਅੱਜ ਸ਼ੀਤਲ ਅੰਗੂਰਾਲ ਨੇ ਮੁੱਖ ਮੰਤਰੀ ਨੂੰ ਚੈਲੇਂਜ ਕੀਤਾ ਹੈ ਕਿ ਉਹ ਇਹ ਸਾਰੇ ਮਾਮਲੇ ਦੀ ਜਾਂਚ ਕਰਾਉਣ ਨਹੀਂ ਤਾਂ 5 ਜੁਲਾਈ ਨੂੰ ਉਹ ਸਾਰੇ ਸਬੂਤਾਂ ਨੂੰ ਜਨਤਕ ਕਰਨਗੇ। ਜ਼ਿਕਰਯੋਗ ਹੈ ਕਿ ਸ਼ੀਤਲ ਅੰਗੂਰਾਲ ਉਹੀ MLA ਹੈ ਜਿਸ ਨੇ ਕੁਝ ਮਹੀਨੇ ਪਹਿਲਾਂ ਦੇਸ਼ ਦੇ ਗ੍ਰਿਹ ਮੰਤਰੀ ਅਮਿਤ ਸ਼ਾਹ ਤੇ ਆਪਰੇਸ਼ਨ ਲੋਟਸ ਤਹਿਤ 25 ਕਰੋੜ ਰੁਪਏ ਦੀ ਪੇਸ਼ਕਸ਼ ਦੀ ਗੱਲ ਕੀਤੀ ਸੀ। ਪਰ ਉਸ ਸਮੇਂ ਵੀ ਸ਼ੀਤਲ ਅੰਗੂਰਾਲ ਕੋਈ ਸਬੂਤ ਪੇਸ਼ ਨਹੀਂ ਕਰ ਸਕੇ ਸਨ। ਆਪਣੇ ਆਪ ਨੂੰ ਕੱਟੜ ਇਮਾਨਦਾਰ ਅਖਵਾਉਣ ਵਾਲੇ ਮੁੱਖ ਮੰਤਰੀ ਜੀ ਲੋੜ ਹੈ ਅੱਜ ਇਹ ਸਭ ਦੀ ਸੁਤੰਤਰ ਜਾਂਚ ਕਰਾ ਕੇ ਲੋਕਾਂ ਦੇ ਸਾਹਮਣੇ ਸੱਚ ਰੱਖੋ। ਮੈਂ ਭਾਜਪਾ ਦੀ ਕੇਂਦਰ ਸਰਕਾਰ ਨੂੰ ਵੀ ਅਪੀਲ ਕਰਦਾ ਹਾਂ ਕਿ ਉਹਨਾਂ ਦਾ ਜਿਮਨੀ ਚੋਣ ਲੜ ਰਿਹਾ ਉਮੀਦਵਾਰ ਜੋ ਸਾਰੇ ਦੋਸ਼ ਲਗਾ ਰਿਹਾ ਹੈ ਉਹਨਾਂ ਦੀ CBI ਜਾਂ ED ਤੋਂ ਨਿਰਪੱਖ ਜਾਂਚ ਕਰਵਾਈ ਜਾਵੇ

## ਖਡੂਰ ਸਾਹਿਬ ਤੋਂ ਚੁਣੇ ਗਏ ਸਾਂਸਦ ਅੰਮ੍ਰਿਤਪਾਲ ਸਿੰਘ ਜਲਦ ਚੁੱਕਣਗੇ ਸਹੁੰ, ਪੰਜਾਬ ਸਰਕਾਰ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਭੇਜੀ ਅਰਜ਼ੀ

**ਚੰਡੀਗੜ੍ਹ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਚੁਣੇ ਗਏ ਸਾਂਸਦ ਅੰਮ੍ਰਿਤਪਾਲ ਸਿੰਘ ਦੀ ਸਹੁੰ ਚੁੱਕਣ ਦੀ ਸੰਭਾਵਨਾ ਜਲਦ ਹੈ। ਸੂਤਰਾਂ ਮੁਤਾਬਕ ਅੰਮ੍ਰਿਤਪਾਲ ਸਿੰਘ 5 ਜੁਲਾਈ ਨੂੰ ਸਹੁੰ ਚੁੱਕ ਸਕਦੇ ਹਨ। ਪੰਜਾਬ ਸਰਕਾਰ ਨੇ ਅੰਮ੍ਰਿਤਪਾਲ ਸਿੰਘ ਨੂੰ ਸਹੁੰ ਚੁਕਾਉਣ ਲਈ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਅਰਜ਼ੀ ਭੇਜੀ ਹੈ। ਦੱਸ ਦਈਏ ਅੰਮ੍ਰਿਤਪਾਲ ਇਸ ਸਮੇਂ ਐਨਐਸਏ ਤਹਿਤ ਆਸਾਮ ਦੀ ਜੇਲ੍ਹ ਵਿੱਚ ਬੰਦ ਹੈ। ਤੁਹਾਨੂੰ ਦੱਸ ਦੇਈਏ ਕਿ ਯੂਏਪੀਏ ਤਹਿਤ ਗੁਹਾਟੀ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਨੇ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਜਿੱਤਿਆ ਹੈ। ਸਾਬਕਾ ਸੰਸਦ ਮੈਂਬਰ ਅਤੇ ਅੰਮ੍ਰਿਤਪਾਲ ਦੇ ਬੁਲਾਰੇ ਰਾਜਦੇਵ ਸਿੰਘ ਖਾਲਸਾ ਨੇ ਦੱਸਿਆ ਕਿ ਅੰਮ੍ਰਿਤਸਰ ਦੇ ਜ਼ਿਲਾ ਮੈਜਿਸਟ੍ਰੇਟ ਅੱਗੇ ਅੰਮ੍ਰਿਤਪਾਲ ਦੀ ਪੈਰੋਲ ਲਈ ਪਟੀਸ਼ਨ ਦਾਇਰ ਕੀਤੀ ਗਈ ਹੈ। ਖਾਲਸਾ ਨੇ ਕਿਹਾ, ਮੈਜਿਸਟਰੇਟ ਨੇ ਇਹ ਪਟੀਸ਼ਨ ਪੰਜਾਬ ਦੇ ਗ੍ਰਹਿ ਸਕੱਤਰ ਨੂੰ ਭੇਜੀ ਅਤੇ ਉਸ ਤੋਂ ਬਾਅਦ ਇਸ ਨੂੰ ਲੋਕ ਸਭਾ ਸਪੀਕਰ ਨੂੰ ਭੇਜ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਚੁਣੇ ਗਏ ਮੈਂਬਰ ਨੂੰ 60 ਦਿਨਾਂ ਦੇ ਅੰਦਰ ਮੈਂਬਰਸ਼ਿਪ ਲੈਣੀ ਪੈਂਦੀ ਹੈ। ਹਾਲਾਂਕਿ ਲੋਕ ਸਭਾ ਨੇ ਹੁਣ ਤੱਕ ਕੋਈ ਕਾਰਵਾਈ ਨਹੀਂ ਕੀਤੀ ਹੈ। ਪੰਜਾਬ ਤੋਂ ਚੁਣੇ ਗਏ ਕੁੱਲ 13 ਸੰਸਦ ਮੈਂਬਰਾਂ ’ਚੋਂ 12 ਨੇ ਸਹੁੰ ਚੁੱਕੀ ਹੈ। ਇਸ ਦੌਰਾਨ ਜੰਮੂ-ਕਸ਼ਮੀਰ ਦੇ ਬਾਰਾਮੂਲਾ ਤੋਂ ਸੰਸਦ ਮੈਂਬਰ ਇੰਜੀਨੀਅਰ ਰਸ਼ੀਦ ਸਹੁੰ ਨਹੀਂ ਚੁੱਕ ਸਕੇ। ਉਹ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਦੇ ਤਹਿਤ ਦਰਜ ਇੱਕ ਕੇਸ ਵਿੱਚ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਵੀ ਬੰਦ ਹੈ। ਹਾਲਾਂਕਿ ਹੁਣ ਐਨਆਈਏ ਉਨ੍ਹਾਂ ਨੂੰ ਸਹੁੰ ਚੁੱਕਣ ਲਈ ਪੈਰੋਲ ਦੇਣ ਲਈ ਤਿਆਰ ਹੋ ਗਈ ਹੈ। ਅੰਮ੍ਰਿਤਪਾਲ ਦੇ ਵਕੀਲ ਮੁਤਾਬਕ ਅੰਮ੍ਰਿਤਪਾਲ ਸਿੰਘ ਨੇ 11 ਜੂਨ ਨੂੰ ਪੰਜਾਬ ਸਰਕਾਰ ਨੂੰ ਪੱਤਰ ਲਿਖ ਕੇ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਲਈ ਹਿਰਾਸਤ ਤੋਂ ਆਰਜ਼ੀ ਰਿਹਾਈ ਦੀ ਮੰਗ ਕੀਤੀ ਸੀ। ‘ਵਾਰਿਸ ਪੰਜਾਬ ਦੇ’ ਸੰਸਥਾ ਦੇ ਮੁਖੀ ਅੰਮ੍ਰਿਤਪਾਲ ਸਿੰਘ ਇਸ ਸਮੇਂ ਐਨ. ਐਸ. ਏ. ਅਧੀਨ ਆਪਣੇ ਨੌਂ ਸਾਥੀਆਂ ਸਮੇਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ।



**ਸਿੱਧੂ ਮੂਸੇਵਾਲਾ ਦੇ ਕਤਲ ਦਾ ਮੁੱਦਾ ਸੰਸਦ ’ਚ ਗੂੰਜਿਆ :** ਮਰਹੂਮ ਪੰਜਾਬੀ ਗਾਇਕ ਅਤੇ ਅਦਾਕਾਰ ਸਿੱਧੂ ਮੂਸੇਵਾਲਾ ਦੇ ਇਨਸਾਫ ਲਈ ਇੱਕ ਵਾਰ ਫਿਰ ਆਵਾਜ਼ ਚੁੱਕੀ ਜਾ ਰਹੀ ਹੈ। ਦੱਸ ਦੇਈਏ ਕਿ ਹੁਣ ਇਹ ਮੁੱਦਾ ਸੰਸਦ ਵਿੱਚ ਚੁੱਕਿਆ ਗਿਆ। ਦਰਅਸਲ, 18ਵੀਂ ਲੋਕ ਸਭਾ ਦੇ ਗਠਨ ਤੋਂ ਬਾਅਦ ਸੰਸਦ ’ਚ ਪਹਿਲਾ ਸੈਸ਼ਨ ਚੱਲ ਰਿਹਾ ਹੈ। ਦੱਸ ਦੇਈਏ ਕਿ ਸ਼ੁਰੂਆਤ ਤੋਂ ਹੀ ਇਸ ਸੈਸ਼ਨ ’ਚ ਜ਼ੋਰ-ਸ਼ੋਰ ਨਾਲ ਸਰਕਾਰ ਤੇ ਵਿਰੋਧੀ ਧਿਰ ਇਕ ਦੂਜੇ ’ਤੇ ਤਿੱਖੇ ਹਮਲੇ ਬੋਲ ਰਹੇ ਹਨ। ਇਸ ਵਿਚਾਲੇ ਕਾਂਗਰਸ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸਿੱਧੂ ਮੂਸੇਵਾਲਾ ਕਤਲ ਮਾਮਲੇ ਦਾ ਮੁੱਦਾ ਚੱਕਿਆ। ਦੱਸ ਦੇਈਏ ਕਿ ਰਾਜਾ ਵੜਿੰਗ ਨੇ ਆਪਣੇ ਸਵਾਲਾਂ ਨਾਲ ਸੰਸਦ ਵਿੱਚ ਗਰਜੇ ਹੋਏ ਮੂਸੇਵਾਲਾ ਦੇ ਪਰਿਵਾਰ ਲਈ ਇਨਸਾਫ਼ ਯਕੀਨੀ ਬਣਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਇਸਦੇ ਨਾਲ ਹੀ ਸਵਾਲ ਕਰਦਿਆਂ ਕਿਹਾ ਕਿ ਜੇਲ੍ਹ ਵਿੱਚ ਬੈਠਾ ਇੱਕ ਗੈਂਗਸਟਰ ਕਿਵੇਂ ਕਤਲ ਕਰਵਾ ਸਕਦਾ ਹੈ। ਰਾਸ਼ਟਰਪਤੀ ਭਾਸ਼ਣ ’ਤੇ ਧੰਨਵਾਦ ਦੇ ਮਤੇ ’ਤੇ ਬਹਿਸ ਵਿਚ ਹਿੱਸਾ ਲੈਂਦਿਆਂ ਲੁਧਿਆਣਾ ਦੇ ਸੰਸਦ ਮੈਂਬਰ (ਪੰਜਾਬ ਕਾਂਗਰਸ ਦੇ ਪ੍ਰਧਾਨ) ਨੇ ਕਿਹਾ ਕਿ ਕੇਂਦਰ ਸਰਕਾਰ ਜਦੋਂ ਕੌਮੀ ਸੁਰੱਖਿਆ ਦੇ ਦਾਅਵੇ ਕਰਦੀ ਹੈ ਤਾਂ ਉਨ੍ਹਾਂ ਨੂੰ ਸਪਸ਼ਟ ਕਰਨਾ ਚਾਹੀਦਾ ਹੈ ਕਿ ਗੈਂਗਸਟਰ ਲਾਰੈਂਸ ਬਿਸ਼ਨੋਈ ਨੇ ਦਿਲੀ ਦੀ ਤਿਹਾੜ ਜੇਲ੍ਹ ਵਿਚ ਨਜ਼ਰਬੰਦੀ ਦੌਰਾਨ ਮੂਸੇਵਾਲਾ ਦਾ ਕਤਲ ਕਿਵੇਂ ਕਰਵਾਇਆ।

## ਪੰਜਾਬ ’ਚ ਮੌਸਮ ਨੂੰ ਲੈ ਕੇ 14 ਜ਼ਿਲ੍ਹਿਆਂ ਵਿਚ ਅਲਰਟ ਜਾਰੀ


**ਚੰਡੀਗੜ੍ਹ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮਾਨਸੂਨ ਪੰਜਾਬ ਪਹੁੰਚ ਗਿਆ ਹੈ ਅਤੇ ਲਗਾਤਾਰ ਅੱਗੇ ਵਧ ਰਿਹਾ ਹੈ। ਜਿਸ ਰਫ਼ਤਾਰ ਨਾਲ ਮਾਨਸੂਨ ਅੱਗੇ ਵਧ ਰਿਹਾ ਹੈ, ਇਹ ਆਉਣ ਵਾਲੇ 3 ਦਿਨਾਂ ਵਿਚ ਪੂਰੇ ਪੰਜਾਬ ਨੂੰ ਕਵਰ ਕਰ ਲਵੇਗਾ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਮੀਂਹ ਨੂੰ ਲੈ ਕੇ ਅਲਰਟ ਜਾਰੀ ਕੀਤਾ ਹੈ। ਇਸ ਸਭ ਦੇ ਦਰਮਿਆਨ ਪੰਜਾਬ ਦਾ ਤਾਪਮਾਨ ਤਾਂ ਆਮ ਹੋ ਗਿਆ ਹੈ ਪਰ ਨਮੀ ਨੇ ਲੋਕਾਂ ਨੂੰ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਹੈ। ਮੌਸਮ ਵਿਭਾਗ ਪੰਜਾਬ ਦੇ ਮਾਝਾ ਅਤੇ ਦੁਆਬੇ ਤੋਂ ਬਾਅਦ 1 ਜੁਲਾਈ ਨੂੰ ਮਾਲਵਾ ਵਿਚ ਵੀ ਮਾਨਸੂਨ ਨੇ ਦਸਤਕ ਦੇਣੀ ਸ਼ੁਰੂ ਕਰ ਦਿੱਤੀ ਹੈ। ਮਾਨਸੂਨ ਨੇ ਪੂਰੇ ਚੰਡੀਗੜ੍ਹ ਨੂੰ ਕਵਰ ਕਰ ਲਿਆ ਹੈ। ਇਸ ਤੋਂ ਬਾਅਦ ਮਾਨਸੂਨ ਲੁਧਿਆਣਾ ਅਤੇ ਰਾਜਪੁਰਾ ਵਿਚ ਵੀ ਪਹੁੰਚ ਗਿਆ ਹੈ। ਭਾਵੇਂ ਮਾਨਸੂਨ ਨੂੰ ਪੰਜਾਬ ਵਿਚ ਦਾਖ਼ਲ ਹੋਏ ਕਈ ਦਿਨ ਹੋ ਗਏ ਹਨ ਪਰ ਕੁਝ ਜ਼ਿਲ੍ਹਿਆਂ ਨੂੰ ਛੱਡ ਕੇ ਅਜੇ ਤੱਕ ਮੀਂਹ ਨਹੀਂ ਪਿਆ। ਪਿਛਲੇ ਕੁਝ ਦਿਨਾਂ ਵਿਚ ਲੁਧਿਆਣਾ ਅਤੇ ਦੋ ਦਿਨ ਪਹਿਲਾਂ ਅੰਮ੍ਰਿਤਸਰ ਵਿਚ ਲਗਭਗ 47 ਮਿ.ਮੀ. ਬਾਰਿਸ਼ ਹੋਈ। ਜਦਕਿ ਜ਼ਿਆਦਾਤਰ ਜ਼ਿਲ੍ਹੇ ਮੀਂਹ ਲਈ ਤਰਸ ਰਹੇ ਹਨ। ਪੰਜਾਬ ਦੇ ਸ਼ਹਿਰਾਂ ਵਿਚ ਤਾਪਮਾਨ ਆਮ ਹੋ ਗਿਆ ਹੈ ਪਰ ਲੋਕ ਹੁੰਮਸ ਤੋਂ ਪ੍ਰੇਸ਼ਾਨ ਹੋ ਰਹੇ ਹਨ।

### ਪੰਜਾਬ ਦੇ 7 ਜ਼ਿਲ੍ਹਿਆਂ ਵਿਚ ਹਲਕੀ ਬਾਰਿਸ਼


ਪੰਜਾਬ ’ਚ ਭਾਵੇਂ ਮਾਨਸੂਨ ਸਰਗਰਮ ਹੋ ਗਿਆ ਹੈ ਪਰ ਫਿਰ ਵੀ ਲੋਕ ਮੀਂਹ ਨੂੰ ਤਰਸ ਰਹੇ ਹਨ। ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਦੇ ਸਿਰਫ਼ 8 ਜ਼ਿਲ੍ਹਿਆਂ ਵਿਚ ਹੀ ਮੀਂਹ ਪਿਆ ਹੈ। ਜਿਸ ਵਿਚ ਰੂਪਨਗਰ ਵਿਚ 10 ਐੱਮਐੱਮ, ਪਠਾਨਕੋਟ ਵਿੱਚ 4 ਐੱਮਐੱਮ, ਗੁਰਦਾਸਪੁਰ ਵਿੱਚ 4.7 ਐੱਮਐੱਮ, ਬਠਿੰਡਾ ਵਿੱਚ 1 ਐੱਮਐੱਮ, ਲੁਧਿਆਣਾ ਵਿੱਚ 9.6 ਐੱਮਐੱਮ ਅਤੇ ਅੰਮ੍ਰਿਤਸਰ ਵਿੱਚ 0.4 ਐੱਮਐੱਮ ਮੀਂਹ ਦਰਜ ਕੀਤਾ ਗਿਆ ਹੈ।

### 7 ਜ਼ਿਲ੍ਹਿਆਂ ’ਚ ਯੈਲੋ ਅਲਰਟ, 7 ’ਚ ਆਰੇਂਜ ਅਲਰਟ

ਮੌਸਮ ਵਿਭਾਗ ਨੇ 7 ਜ਼ਿਲ੍ਹਿਆਂ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਫਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ, ਐੱਸਏਐੱਸ ਨਗਰ ਵਿਚ ਆਰੇਂਜ ਅਲਰਟ ਜਾਰੀ ਕੀਤਾ ਹੈ। ਜਦਕਿ ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਮਲੇਰਕੋਟਲਾ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches
ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









www.khalsaforge.com


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦
ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੂਲਵਰਹੈਂਪਟਨ
(ਸੈਜਲੀ ਸਟਰੀਟ). WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਕਾਰਜਕਾਰੀ ਮੁਖੀ ਦਮਦਮੀ ਟਕਸਾਲ
ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ AWAZE QAUM
International Newspaper & WEB TV





### ਡਿਪਟੀ ਕਮਿਸ਼ਨਰ ਜੀ ਦੀ ਪ੍ਰਧਾਨਗੀ ਹੇਠ

# ਵਿਸ਼ਵ ਡਾਕਟਰ ਦਿਵਸ ਮੌਕੇ ਜਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ




**ਜੰਡਿਆਲਾ ਗੁਰੂ, 2 ਜੁਲਾਈ (ਕੁਲਵੰਤ ਸਿੰਘ ਵਿਰਦੀ)**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਦੀ ਪ੍ਰਧਾਨਗੀ ਹੇਠ ਸਿਵਲ ਹਸਪਤਾਲ ਵਿਖੇ ਵਿਸ਼ਵ ਡਾਕਟਰ ਦਿਵਸ ਮੌਕੇ ਇਕ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ।ਇਸ ਅਵਸਰ ਤੇ ਸਿਵਲ ਸਰਜਨ ਡਾ ਸੁਮੀਤ ਸਿੰਘ ਦੀ ਅਗਵਾਹੀ ਹੇਠਾਂ ਸਿਹਤ ਵਿਭਾਗ ਦੇ ਸਮੂਹ ਜਿਲਾ ਅਧਿਕਾਰੀ, ਸੀਨੀਅਰ ਮੈਡੀਕਲ ਅਫਸਰ, ਮੈਡੀਕਲ ਅਫਸਰ ਅਤੇ ਵਿਸ਼ੇਸ਼ ਤੌਰ ਤੇ ਇੰਪਲਾਈਜ ਵੈਲਫੇਅਰ ਦੇ ਚੇਅਰਮੈਨ ਸ੍ਰੀ ਰਾਕੇਸ਼ ਸ਼ਰਮਾ ਅਤੇ ਪੂਰੀ ਟੀਮ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਤੇ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਸਿਹਤ ਵਿਭਾਗ ਵਿਚ ਕੰਮ ਕਰ ਰਹੇ ਸਮੂਹ ਡਾਕਟਰਾਂ ਦੀ ਸ਼ਲਾਘਾ ਕੀਤੀ ਅਤੇ ਵਿਸ਼ਵ ਡਾਕਟਰ ਦਿਵਸ ਮੌਕੇ ਸਮੂਹ ਡਾਕਟਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਰਕਾਰੀ ਡਾਕਟਰਾਂ ਨੇ ਸਿਹਤ ਸਹੂਲਤਾਂ ਦਾ ਮਿਆਰ ਉਚਾ ਚੁਕਿਆ ਹੈ ਅਤੇ ਜਿਲਾ ਪ੍ਰਸ਼ਾਸਣ ਉਹਨਾਂ ਦੀ ਮਦਦ ਲਈ ਹਮੇਸ਼ਾਂ ਤਿਆਰ ਹੈ।ਇਸ ਮੌਕੇ ਤੇ ਸਿਵਲ ਸਰਜਨ ਡਾ ਸੁਮੀਤ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਹਮੇਸ਼ਾਂ ਲਈ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਤੱਤਪਰ ਹੈ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੁਚੇ ਡਾਲਟਰ ਸਾਹਿਬਾਨ ਬਹੁਤ ਹੀ ਵਧੀਆ ਸੇਵਾਵਾਂ ਪ੍ਰਦਾਨ ਕਰ ਰਹੇ ਹਨ।ਇਸ ਅਵਸਰ ਤੇ ਵਧੀਆ ਕਾਰਗੁਜਾਰੀ ਕਰਨ ਵਾਲੇ ਡਾਕਟਰਾਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹ ਵਿਚ ਡਾ ਪਰਮਿੰਦਰ ਸਿੰਘ, ਡਾ ਗੁਪਾਲ ਸਿੰਘ, ਡਾ ਕਮਲਪ੍ਰੀਤ ਕੌਰ, ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲ੍ਹ ਪਰਿਵਾਰ ਭਾਲਾਈ ਅਫਸਰ ਡਾ ਨੀਲਮ ਭਗਤ, ਜਿਲ੍ਹ ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਜਿਲ੍ਹ ਸਿਹਤ ਅਫਸਰ ਡਾ ਜਸਪਾਲ ਸਿੰਘ ਅਤੇ ਜਿਲ੍ਹ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਸ਼ਾਮਲ ਸਨ। ਇਸ ਅਵਸਰ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ ਗੁਰਮੀਤ ਕੌਰ, ਸੀਨੀਅਰ ਮੈਡੀਕਲ ਅਫਸਰ ਡਾ ਮਦਨ ਮੋਹਨ, ਸੀਨੀਅਰ ਮੈਡੀਕਲ ਅਫਸਰ ਡਾ ਸਵਰਨਜੀਤ ਧਵਨ, ਡਾ ਸੁਮੀਤਪਾਲ ਸਿੰਘ, ਡਾ ਮਧੁਰ ਪੋਦਾਰ, ਜਿਲ੍ਹ ਮਾਸ ਮਡੀਆ ਅਫਸਰ ਅਮਰਦੀਪ ਸਿੰਘ, ਸੀਨੀਅਰ ਫਾਰਮੇਸੀ ਅਫਸਰ ਸੰਜੀਵ ਆਨੰਦ, ਇੰਪਲਾਈਸ ਵੈਲਫੇਅਰ ਐਸੋਸ਼ੀਏਸ਼ਨ ਦੇ ਸਟੇਟ ਪ੍ਰਧਾਨ ਆਚਾਰਿਆ ਗੁਰਮੀਤ, ਜਿਲ੍ਹ ਪ੍ਰਧਾਨ ਰਘੂ ਤਲਵਾੜ ਅਤੇ ਸਮੂਹ ਸਟਾਫ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਗਰੂੜਾ ਐਰੋਸਪੇਸ, ਚੇਨਈ ਵਿਚਕਾਰ ਡਰੋਨ ਤਕਨਾਲੋਜੀ 'ਤੇ ਦੁਵੱਲਾ ਸਮਝੌਤਾ ਸਹੀਬੱਧ ਗਰੂੜਾ ਐਰੋਸਪੇਸ ਵੱਲੋਂ ਜੀ.ਕੇ.ਯੂ. ਵਿਖੇ ਹੋਵੇਗਾ "ਸੈਂਟਰ ਫ਼ਾਰ ਐਕਸੀਲੈਂਸ" ਸਥਾਪਿਤ



**ਤਲਵੰਡੀ ਸਾਬੋ, 2 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਖੇਤੀ ਦੇ ਖੇਤਰ ਵਿੱਚ ਵੱਧ ਰਹੇ ਡਰੋਨ ਤਕਨਾਲੋਜੀ ਦੇ ਇਸਤੇਮਾਲ, ਘੱਟ ਖਰਚ ਕਰਕੇ ਵੱਧ ਝਾੜ ਲੈਣ ਵਾਸਤੇ, ਫਸਲਾਂ ਦੀਆਂ ਬਿਮਾਰੀਆਂ ਬਾਰੇ ਜਾਣਕਾਰੀ ਲੈਣ ਤੇ ਉਨ੍ਹਾਂ ਦੇ ਸਮੇਂ ਤੇ ਬਚਾਓ ਲਈ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਵੱਲੋਂ ਗਰੂੜਾ ਐਰੋਸਪੇਸ, ਚੈਨੇਈ ਨਾਲ ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਦੀ ਰਹਿ-ਨੁਮਾਈ ਹੇਠ ਡਾ. ਜੀ.ਐਸ.ਬੁੱਟਰ, ਰਜਿਸਟਰਾਰ, ਜੀ.ਕੇ.ਯੂ. ਡਾ. ਵਿਜਯਾ ਕੁਮਾਰ ਰਾਜਾਰਥਿਨਮ, ਚੀਫ਼ ਓਪਰੇਟਿੰਗ ਅਫ਼ਸਰ, ਗਰੂੜਾ ਐਰੋਸਪੇਸ ਵੱਲੋਂ ਹਸਤਾਖਰਿਤ ਦੁਵੱਲਾ ਸਮਝੌਤਾ ਡਾ. ਵਿਕਾਸ ਗੁਪਤਾ, ਡਿਪਟੀ ਡਾਇਰੈਕਟਰ ਅਤੇ ਡਾ. ਜੀ. ਮੂਰਥੀ ਪ੍ਰਸਾਦ ਯਾਦਵ, ਮੁੱਖੀ ਡਰੋਨ ਅਕਾਦਮੀ ਦੇ ਯਤਨਾਂ ਸਦਕਾ ਸਹੀਬੱਧ ਕੀਤਾ ਗਿਆ। ਇਸ ਮੌਕੇ ਆਪਣੀ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਖੇਤੀ ਵਿੱਚ ਤਕਨਾਲੋਜੀ ਦੇ ਵੱਧ ਰਹੇ ਇਸਤੇਮਾਲ ਅਤੇ ਕਿਸਾਨਾਂ ਨੂੰ ਆਧੁਨਿਕ ਤੇ ਲਾਹੇਵੰਦ ਖੇਤੀ ਵਾਸਤੇ ਜਾਗਰੂਕ ਕਰਨ ਅਤੇ ਸਿਖਲਾਈ ਦੇਣ ਲਈ ਇਹ ਦੁਵੱਲਾ ਸਮਝੌਤਾ ਸਹੀਬੱਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਮਝੌਤੇ ਦੇ ਵਿਵਹਾਰਿਕ ਇਸਤੇਮਾਲ ਨਾਲ ਖੇਤੀ ਖਰਚ ਘੱਟੇਗਾ ਤੇ ਉਤਪਾਦਨ ਵਿੱਚ ਵਾਧਾ ਹੋਵੇਗਾ ਜਿਸ ਨਾਲ ਖੇਤੀ ਲਾਹੇਵੰਦ ਧੰਦਾ ਬਣੇਗੀ। ਸਮਝੌਤੇ ਬਾਰੇ ਜਾਣਕਾਰੀ ਦਿੰਦਿਆਂ ਡਾ. ਬਾਵਾ ਨੇ ਦੱਸਿਆ ਕਿ ਗਰੂੜਾ ਐਰੋਸਪੇਸ ਵੱਲੋਂ ਯੂਨੀਵਰਸਿਟੀ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਸੈਂਟਰ ਫ਼ਾਰ ਐਕਸੀਲੈਂਸ ਸਥਾਪਿਤ ਕਰੇਗਾ, ਜਿਸ ਵਿੱਚ ਜੀ.ਕੇ.ਯੂ. ਦੇ ਵਿਦਿਆਰਥੀਆਂ ਨੂੰ ਡਰੋਨ ਤਕਨਾਲੋਜੀ ਵਿੱਚ ਖੋਜ ਕਾਰਜ, ਉਨ੍ਹਾਂ ਦੀ ਮੁਰੰਮਤ, ਸਲਾਹ ਤੇ ਟ੍ਰੇਨਿੰਗ ਲਈ ਸਰਟੀਫਿਕੇਟ ਕੋਰਸ ਸ਼ੁਰੂ ਕੀਤੇ ਜਾਣਗੇ। ਇਸ ਤੋਂ ਇਲਾਵਾ ਖੇਤੀ ਅਤੇ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੂੰ ਆਰ.ਪੀ.ਟੀ.ਓ. ਲਾਇਸੈਂਸ ਦੀ ਟ੍ਰੇਨਿੰਗ ਦਿੱਤੀ ਜਾਵੇਗੀ ਅਤੇ ਸਫ਼ਲ ਟ੍ਰੇਨਿੰਗ ਤੋਂ ਬਾਦ ਵਿਦਿਆਰਥੀਆਂ ਦੀ ਪਲੇਸਮੈਂਟ ਦੇ ਮੌਕੇ ਅਤੇ ਸਹਿਯੋਗ ਦਿੱਤਾ ਜਾਵੇਗਾ। ਡਾ. ਜੀ. ਮੂਰਥੀ ਯਾਦਵ ਨੇ ਦੱਸਿਆ ਕਿ ਜੀ.ਕੇ.ਯੂ. ਵਿਖੇ ਸੈਂਟਰ ਫਾਰ ਐਕਸੀਲੈਂਸ ਵੱਲੋਂ 'ਵਰਸਿਟੀ ਦੇ ਵਿਦਿਆਰਥੀਆਂ ਨੂੰ ਡਰੋਨ ਸੰਬੰਧੀ ਟ੍ਰੇਨਿੰਗ ਅਤੇ ਖੋਜ ਕਾਰਜ ਕਰਵਾਏ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਸੈਂਟਰ ਫਾਰ ਐਕਸੀਲੈਂਸ ਵੱਲੋਂ ਹਰ ਸਾਲ ਰਾਸ਼ਟਰੀ ਪੱਧਰ 'ਤੇ ਡਰੋਨ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ ਵਿਕਾਸ ਗੁਪਤਾ ਨੇ ਵਰਸਿਟੀ ਪ੍ਰਬੰਧਕਾਂ ਅਤੇ ਗਰੂੜਾ ਦੇ ਅਧਿਕਾਰੀਆਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਡਰੋਨ ਤਕਨਾਲੋਜੀ ਤੇ ਗਰੂੜਾ ਸਪੇਸ ਵੱਲੋਂ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਦੇ ਮੌਕੇ ਦਿੱਤੇ ਜਾਣਗੇ ਜਿਸ ਨਾਲ ਸਫ਼ਲ ਵਿਦਿਆਰਥੀਆਂ ਲਈ ਰੁਜ਼ਗਾਰ ਤੇ ਸਵੈ-ਉਦਯੋਗ ਦੇ ਨਵੇਂ ਰਸਤੇ ਖੁਲ੍ਹਣਗੇ। ਉਨ੍ਹਾਂ ਦੱਸਿਆ ਕਿ ਦੋਹੋਂ ਧਿਰਾਂ ਵੱਲੋਂ ਕੀਤਾ ਗਿਆ ਇਹ ਦੁਵੱਲਾ ਸਮਝੌਤਾ ਇਲਾਕੇ ਦੇ ਵਿਦਿਆਰਥੀਆਂ ਅਤੇ ਕਿਸਾਨਾਂ ਦੇ ਉਜੱਵਲ ਭਵਿੱਖ ਲਈ ਖੂਬਸੂਰਤ ਪਹਿਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ। ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

# "ਪਾਠ ਦਾ ਭੋਗ ਅਤੇ ਅੰਤਿਮ ਅਰਦਾਸ"



ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਖਾੜਕੂ ਸੰਘਰਸ਼ ਦੇ ਮਹਾਨ ਯੋਧੇ ਭਾਈ ਵਸਣ ਸਿੰਘ ਜਫ਼ਰਵਾਲ ਦੇ ਸਤਿਕਾਰਯੋਗ

# ਮਾਤਾ ਕੁਲਵੰਤ ਕੌਰ ਜੀ

ਜੋ ਮਿਤੀ 27 ਜੂਨ ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

**ਮਾਤਾ ਜੀ ਦੀ ਯਾਦ ਵਿਚ ਅਤੇ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ**

## ਮਿਤੀ 6 ਜੁਲਾਈ 2024, ਦਿਨ ਸ਼ਨੀਵਾਰ ਨੂੰ

## ਦੁਪਿਹਾ 12:00 ਤੋ 02:00 ਵੱਜੇ ਤੱਕ

## ਭਾਈ ਜਫ਼ਰਵਾਲ ਦੇ ਗ੍ਰਿਹ ਵਿਖੇ ਪੈਣਗੇ

ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

**ਭਾਈ ਵਸਣ ਸਿੰਘ ਜਫ਼ਰਵਾਲ ਅਤੇ ਸੰਮੂਹ ਪਰਿਵਾਰ**

**+91-78370-90700**

ਸ਼ਹੀਦ ਬਾਬਾ ਦਾਸਾ ਜੀ ਦਾ ਜੋੜ ਮੇਲਾ ਪਿੰਡ ਸਲੇਮਪਰ ਮਸੰਦਾ ਜ਼ਿਲ੍ਹਾ ਜਲੰਧਰ ਪੰਜਾਬ ਦੇ

# ਇੰਗਲੈਂਡ ਰਹਿ ਰਹੇ ਨਿਵਾਸੀਆਂ ਨੇ ਗੁਰੂ ਨਾਨਕ ਗੁਰਦੁਆਰਾ ਵਿਲਨਹਾਲ ਵਿਖੇ ਧੂਮ ਧਾਮ ਨਾਲ ਮਨਾਇਆ

## ਕੀਰਤਨ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ, ਸਮੂਹ ਆਈਆਂ ਸੰਗਤਾਂ ਨੇ ਗੁਰੂ ਕਾ ਲੰਗਰ ਛੱਕ ਕੇ ਸਤਿਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ


















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)



ਸ਼ਹੀਦ ਬਾਬਾ ਦਾਸਾ ਜੀ ਦਾ ਜੋੜ ਮੇਲਾ ਪਿੰਡ ਸਲੇਮਪਰ ਮਸੰਦਾ ਜ਼ਿਲ੍ਹਾ ਜਲੰਧਰ ਪੰਜਾਬ ਦੇ ਇੰਗਲੈਂਡ ਰਹਿ ਰਹੇ ਨਿਵਾਸੀਆਂ ਨੇ ਗੁਰੂ ਨਾਨਕ ਗੁਰਦੁਆਰਾ ਵਿਲਨਹਾਲ ਵਿਖੇ ਧੂਮ ਧਾਮ ਨਾਲ ਮਨਾਇਆ, ਸੰਗਤਾਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 28 ਜੂਨ ਦਿਨ ਸ਼ੁਕਰਵਾਰ ਨੂੰ ਕਰਵਾਈ ਗਈ ਜਿਸ ਦੇ ਭੋਗ 30 ਜੂਨ ਦਿਨ ਐਤਵਾਰ ਨੂੰ ਪਾਏ ਗਏ ਜਿਸ ਵਿੱਚ ਨਗਰ ਨਿਵਾਸੀਆਂ ਨੇ ਪਰਿਵਾਰਾਂ ਸਮੇਤ ਅਤੇ ਸਾਕ ਸਬੰਧੀਆਂ ਨੇ ਇਸ ਜੋੜ ਮੇਲੇ ਤੇ ਭਾਗ ਲਿਆ ਭੋਗ ਵਾਲੇ ਦਿਨ ਕੀਰਤਨ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ ਸਮੂਹ ਆਈਆਂ ਸੰਗਤਾਂ ਨੇ ਗੁਰੂ ਕਾ ਲੰਗਰ ਛੱਕ ਕੇ ਸਤਿਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਅਤੇ ਅਰਦਾਸ ਕੀਤੀ ਕਿ ਬਾਬਾ ਦਾਸਾ ਜੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਨਗਰ ਦੇ ਉੱਪਰ ਮਿਹਰ ਭਰਿਆ ਹੱਥ ਰੱਖਣ ਅਤੇ ਹਮੇਸ਼ਾ ਹੀ ਚੜਦੀ ਕਲਾ ਬਖਸ਼ਣ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ਼ਹੀਦ ਬਾਬਾ ਦਾਸਾ ਜੀ ਦਾ ਜੋੜ ਮੇਲਾ ਪਿੰਡ ਸਲੇਮਪਰ ਮਸੰਦਾ ਜ਼ਿਲ੍ਹਾ ਜਲੰਧਰ ਪੰਜਾਬ ਦੇ

# ਇੰਗਲੈਂਡ ਰਹਿ ਰਹੇ ਨਿਵਾਸੀਆਂ ਨੇ ਗੁਰੂ ਨਾਨਕ ਗੁਰਦੁਆਰਾ ਵਿਲਨਹਾਲ ਵਿਖੇ ਧੂਮ ਧਾਮ ਨਾਲ ਮਨਾਇਆ

## ਕੀਰਤਨ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ, ਸਮੂਹ ਆਈਆਂ ਸੰਗਤਾਂ ਨੇ ਗੁਰੂ ਕਾ ਲੰਗਰ ਛੱਕ ਕੇ ਸਤਿਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ
















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਸ਼ਹੀਦ ਬਾਬਾ ਦਾਸਾ ਜੀ ਦਾ ਜੋੜ ਮੇਲਾ ਪਿੰਡ ਸਲੇਮਪਰ ਮਸੰਦਾ ਜ਼ਿਲ੍ਹਾ ਜਲੰਧਰ ਪੰਜਾਬ ਦੇ**

# ਇੰਗਲੈਂਡ ਰਹਿ ਰਹੇ ਨਿਵਾਸੀਆਂ ਨੇ ਗੁਰੂ ਨਾਨਕ ਗੁਰਦੁਆਰਾ ਵਿਲਨਹਾਲ ਵਿਖੇ ਧੂਮ ਧਾਮ ਨਾਲ ਮਨਾਇਆ

## ਕੀਰਤਨ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ, ਸਮੂਹ ਆਈਆਂ ਸੰਗਤਾਂ ਨੇ ਗੁਰੂ ਕਾ ਲੰਗਰ ਛੱਕ ਕੇ ਸਤਿਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ














ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ**
**ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥1 ॥**
**As His Decree is issued, so is His command obeyed**
**Those who are sent, come, O Nanak; when they are called back, they depart and go. ||1||**







**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।**

ਬੀਬੀ ਗੁਰਬਖ਼ਸ਼ ਕੌਰ ਧਰਮ ਸੁਪਤਨੀ ਸਰਦਾਰ ਮਲਕੀਤ ਸਿੰਘ ਤੇਹਿੰਗ ਵਾਹਿਗੁਰੂ ਜੀ ਦੇ ਹੁਕਮ ਅਨੂੰਸਾਰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸੁਆਸਾਂ ਨੂੰ ਸੰਪੂਰਨ ਕਰਦੇ ਹੋਏ ਅਕਾਲ ਪੁਰਖ ਦੇ ਚਰਨਾ ਵਿੱਚ ਜਾ ਬਿਰਾਜੇ ਹਨ।

**ਉਨ੍ਹਾਂ ਦੇ ਅੰਤਿਮ ਸੰਸਕਾਰ ਦਿਨ ਸ਼ਨਿਚਰਵਾਰ 6 ਜੁਲਾਈ 2024 ਵਾਲੇ ਦਿਨ ਹੋ ਰਹੇ ਹਨ।**

**ਅੰਤਿਮ ਦਰਸ਼ਨ - ਸਵੇਰੇ 10.00 ਵਜੇ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਕਰਵਾਏ ਜਾਣਗੇ।**

**ਅੰਤਿਮ ਸੰਸਕਾਰ - 12.00pm Sandwell Valley Crematorium (B71 3SX) ਵਿਖੇ**

ਉਨ੍ਹਾਂ ਦੇ ਨਮਿਤ ਸ੍ਰੀ ਸਹਿਜ ਪਾਠ ਦੇ ਭੋਗ 1.30pm ਗੁਰੂ ਨਾਨਕ ਗੁਰਦੁਆਰਾ ਸਮੈਦਿਕ (BFF CAP) ਉੱਪਰਲੇ ਮੇਨ ਦਰਬਾਰ ਸਾਹਿਬ ਵਿੱਚ ਪਾਏ ਜਾਣਗੇ। ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਹੈ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪ੍ਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

### ਅਮਰੀਕਾ ਨੇ ਰੂਸ ਨਾਲ ਕਾਰੋਬਾਰ ਕਰਨ ਵਾਲੀਆਂ

# ਭਾਰਤੀ ਕੰਪਨੀਆਂ ਨੂੰ ਦਿੱਤੀ ਪਾਬੰਦੀਆਂ ਦੀ ਧਮਕੀ




**ਨਵੀ ਦਿੱਲੀ 2 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਅਮਰੀਕਾ ਨੇ ਰੂਸ ਨਾਲ ਕਾਰੋਬਾਰ ਕਰਨ ਵਾਲੀਆਂ ਭਾਰਤੀ ਕੰਪਨੀਆਂ ਨੂੰ ਪਾਬੰਦੀਆਂ ਦੀ ਧਮਕੀ ਦਿੱਤੀ ਹੈ।ਭਾਰਤ ਵਿੱਚ ਅਮਰੀਕਾ ਦੇ ਰਾਜਦੂਤ ਐਰਿਕ ਗਾਰਸੇਟੀ ਨੇ ਕਿਹਾ ਕਿ ਰੂਸ ਦੇ ਖਿਲਾਫ ਗਲੋਬਲ ਪਾਬੰਦੀਆਂ ਦੀ ਉਲੰਘਣਾ ਕਰਨ ਵਾਲੀ ਕਿਸੇ ਵੀ ਭਾਰਤੀ ਕੰਪਨੀ ਨੂੰ ਯੂਰਪ, ਅਮਰੀਕਾ ਅਤੇ ਦੁਨੀਆ ਭਰ ਵਿੱਚ ਆਪਣੇ ਗਲੋਬਲ ਭਾਈਵਾਲਾਂ ਨਾਲ ਕਾਰੋਬਾਰ ਕਰਨ ਦੀ ਕੋਸ਼ਿਸ਼ ਕਰਨ ਵੇਲੇ "ਨਤੀਜਿਆਂ" ਦਾ ਸਾਹਮਣਾ ਕਰਨਾ ਚਾਹੀਦਾ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਅਮਰੀਕਾ ਨੇ ਭਾਰਤੀ ਕੰਪਨੀਆਂ ਨੂੰ ਪਾਬੰਦੀਆਂ ਬਾਰੇ ਚੇਤਾਵਨੀ ਦਿੱਤੀ ਹੈ। ਇਸ ਤੋਂ ਪਹਿਲਾਂ ਅਮਰੀਕੀ ਵਿਦੇਸ਼ ਵਿਭਾਗ ਨੇ ਵੀ ਅਜਿਹਾ ਹੀ ਬਿਆਨ ਦਿੱਤਾ ਸੀ। ਮੀਡੀਆ ਅੰਦਰ ਜਾਰੀ ਖ਼ਬਰ ਮੁਤਾਬਿਕ ਬਿਜ਼ਨਸਲਾਈਨ ਨਾਲ ਇੱਕ ਇੰਟਰਵਿਊ ਵਿੱਚ, ਗਾਰਸੇਟੀ ਨੇ ਕਿਹਾ, "ਅਮਰੀਕਾ, ਦਰਜਨਾਂ ਸਹਿਯੋਗੀਆਂ ਦੇ ਨਾਲ, ਇਸ ਵਿਚਾਰ ਦੇ ਵਿਰੁੱਧ ਖੜ੍ਹਾ ਹੈ ਕਿ ਇੱਕ ਦੇਸ਼ ਨੂੰ ਵਹਿਸ਼ੀ ਤਾਕਤ ਨਾਲ ਦੂਜੇ ਦੀ ਜ਼ਮੀਨ ਹਥਿਆਉਣ ਦੇ ਯੋਗ ਹੋਣਾ ਚਾਹੀਦਾ ਹੈ। ਮੈਨੂੰ ਉਮੀਦ ਹੈ ਕਿ ਭਾਰਤ ਇਸ ਸਿਧਾਂਤ ਨੂੰ ਮਾਨਤਾ ਦਿੰਦਾ ਰਹੇਗਾ" ਅਤੇ ਸਾਡੇ ਨਾਲ ਉਹਨਾਂ ਕੰਪਨੀਆਂ ਦੀ ਪਛਾਣ ਕਰਨ ਲਈ ਕੰਮ ਕਰੇਗਾ ਜੋ ਰੂਸੀ ਯੁੱਧ ਮਸ਼ੀਨ ਨੂੰ ਬਾਲਣ ਕਰ ਰਹੀਆਂ ਹਨ ।ਗਾਰਸੇਟੀ ਦਾ ਬਿਆਨ ਇਸ ਲਈ ਵੀ ਢੁਕਵਾਂ ਹੈ ਕਿਉਂਕਿ ਇਸ ਮਹੀਨੇ ਦੇ ਸ਼ੁਰੂ ਵਿਚ ਜਾਪਾਨ ਨੇ ਬੈਂਗਲੂਰੂ ਸਥਿਤ SiB ਮਾਈਕ੍ਰੋਸਿਸਟਮ 'ਤੇ ਪਾਬੰਦੀ ਦਾ ਐਲਾਨ ਕੀਤਾ ਸੀ, ਜੋ ਇਲੈਕਟ੍ਰਾਨਿਕ ਕੰਪੋਨੈਂਟ ਡਿਜ਼ਾਈਨ ਅਤੇ ਨਿਰਮਾਣ ਕਰਦੀ ਹੈ।ਕੰਪਨੀ ਨੇ ਰੂਸ ਨੂੰ ਯੂਕਰੇਨ ਉੱਤੇ ਆਪਣੇ ਹਮਲੇ ਨਾਲ ਸਬੰਧਤ ਦੰਡਕਾਰੀ ਉਪਾਵਾਂ ਤੋਂ ਬਚਣ ਵਿੱਚ ਮਦਦ ਕੀਤੀ। ਇਸੇ ਕੰਪਨੀ ਨੂੰ ਯੂਰਪੀਅਨ ਯੂਨੀਅਨ ਨੇ ਇਸ ਸਾਲ ਫਰਵਰੀ ਵਿਚ ਅਤੇ ਅਮਰੀਕਾ ਨੇ ਪਿਛਲੇ ਨਵੰਬਰ ਵਿਚ ਰੂਸ ਦੇ ਫੌਜੀ ਅਤੇ ਰੱਖਿਆ ਉਦਯੋਗਿਕ ਅਧਾਰ ਨੂੰ ਕਥਿਤ ਤੌਰ 'ਤੇ ਸਮਰਥਨ ਦੇਣ ਲਈ ਮਨਜ਼ੂਰੀ ਦਿੱਤੀ ਸੀ।

### ਬਾਬਾ ਦਲਬੀਰ ਸਿੰਘ ਭੋਮਾ ਨੂੰ

# ਹਜ਼ਾਰਾਂ ਸੇਜਲ ਅੱਖਾਂ ਨੇ ਦਿੱਤੀ ਅੰਤਿਮ ਵਿਦਾਇਗੀ

**ਚੌਕ ਮਹਿਤਾ, 2 ,ਜੁਲਾਈ-(ਬਾਬਾ ਸੁਖਵੰਤ ਸਿੰਘ ਚੰਨਣਕੇ)**-ਤੱਪ ਅਸਥਾਨ ਬਾਬਾ ਨਾਂਗਾ ਜੀ ਪਿੰਡ ਭੋਮਾ ਦੇ ਮੁੱਖ ਸੇਵਾਦਾਰ ਅਤੇ ਬਾਬਾ ਨਾਂਗਾ ਸੇਵਾ ਸੋਸਾਇਟੀ ਦੇ ਪ੍ਰਧਾਨ ਬਾਬਾ ਦਲਬੀਰ ਸਿੰਘ ਜੋ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲੇ ਆ ਰਹੇ ਸਨ । ਉਹ ਕੱਲ ਸਵੇਰੇ 6 ਵਜੇ ਸੱਚਖੰਡ ਪਿਆਨਾ ਕਰ ਗਏ । ਬਾਬਾ ਦਲਬੀਰ ਸਿੰਘ ਜੋ ਕਿ ਬਾਬਾ ਨਾਗਾ ਜੀ ਦੇ ਤਪ ਸਥਾਨ ਪਿੰਡ ਭੋਮਾ ਵਿਖੇ ਪਿਛਲੇ 35 ਸਾਲ ਤੋਂ ਨਿਸ਼ਕਾਮ ਸੇਵਾ ਕਰਦੇ ਆ ਰਹੇ ਸਨ ।ਇਸ ਸੇਵਾ ਦੌਰਾਨ ਜਿੱਥੇ ਉਹਨਾਂ ਨੇ ਗੁਰੂ ਘਰ ਦੀ ਸੁੰਦਰ ਇਮਾਰਤ ਬਣਵਾਈ ,ਉੱਥੇ ਨਾਲ ਹੀ ਸੰਗਤਾਂ ਦੇ ਸਹਿਯੋਗ ਨਾਲ ਇਲਾਕੇ ਲਈ ਵੱਡੀ ਸਿੱਖਿਆ ਸੰਸਥਾ ਬਾਬਾ ਨਾਂਗਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਸਥਾਪਨਾ ਵੀ ਕੀਤੀ।ਇਸ ਦੇ ਨਾਲ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਘਰ ਦੀ ਸਥਾਪਨਾ ਕੀਤੀ। ਬਾਬਾ ਦਲਬੀਰ ਸਿੰਘ ਦੇ ਸੱਚਖੰਡ ਪਿਆਨਾ ਕਰਨ ਤੋਂ ਬਾਅਦ ਜਿੱਥੇ ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ,ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ ਵਾਲਿਆਂ ਸਮੇਤ ਇਲਾਕੇ ਦੀਆਂ ਵੱਖ ਵਖ ਸਿਆਸੀ ਪਾਰਟੀਆਂ ਸਮਾਜਿਕ ਧਾਰਮਿਕ ਜਥੇਬੰਦੀਆਂ ਦੇ ਨਾਲ ਨਾਲ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਅੰਤਿਮ ਸੰਸਕਾਰ ਵੇਲੇ ਹਾਜ਼ਰੀ ਭਰੀ ।ਉਹਨਾਂ ਦਾ ਪਾਰਥਿਕ ਸਰੀਰ ਸੰਗਤਾਂ ਦੇ ਦਰਸ਼ਨਾਂ ਲਈ ਗੁਰਦੁਆਰਾ ਬਾਬਾ ਨਾਂਗਾ ਜੀ ਵਿਖੇ ਲਿਆਂਦਾ ਗਿਆ ।ਜਿੱਥੇ ਖੁੱਲੇ ਪੰਡਾਲਾਂ ਵਿੱਚ ਪ੍ਰਸਿੱਧ ਕੀਰਤਨੀਏ ਭਾਈ ਰਣਜੀਤ ਸਿੰਘ ਭੋਮੇ ਵਾਲੇ ਅਤੇ ਭਾਈ ਗੁਰਚਰਨ ਸਿੰਘ ਬਲ ਭੋਮੇ ਵਾਲਿਆਂ ਦੇ ਜਥੇ ਨੇ ਵੈਰਾਗ ਮਈ ਕੀਰਤਨ ਕੀਤਾ। ਇਸ ਮੌਕੇ ਬਾਬਾ ਜੀ ਦਾ ਅੰਤਿਮ ਸੰਸਕਾਰ ਗੁਰਦੁਆਰਾ ਸਾਹਿਬ ਦੇ ਗਲਿਆਰੇ ਅੰਦਰ ਹੀ ਕੀਤਾ ਗਿਆ। ਇਸ ਮੌਕੇ ਤਰਨਾ ਦਲ ਦੇ ਮੁਖੀ ਬਾਬਾ ਜੋਗਾ ਸਿੰਘ ਅਤੇ ਬਾਬਾ ਬਲਵਿੰਦਰ ਸਿੰਘ ਮਹਿਤੇ ਚੌਂਕ ਵਾਲਿਆਂ ਨੇ ਸਮੁੱਚੀ ਸੰਗਤ ਦੀ ਹਾਜ਼ਰੀ ਵਿੱਚ ਬਾਬਾ ਦਲਬੀਰ ਸਿੰਘ ਦੇ ਵੱਡੇ ਸਪੁੱਤਰ ਬਾਬਾ ਸਤਨਾਮ ਸਿੰਘ ਨੂੰ ਇਸ ਗੁਰੂ ਘਰ ਅਤੇ ਵਿਦਿਅਕ ਸੰਸਥਾ ਦੇ ਨਾਲ ਨਾਲ ਸਮੁੱਚੇ ਪ੍ਰਬੰਧ ਦੇ ਮੁੱਖ ਸੇਵਾਦਾਰ ਥਾਪਿਆ ਅਤੇ ਸਿਰੋਪਾਓ ਭੇਟ ਕਰਕੇ ਅਰਦਾਸ ਬੇਨਤੀ ਕੀਤੀ। ਇਸ ਮੌਕੇ ਮਹਾਂਪੁਰਖਾਂ ਤੋਂ ਇਲਾਵਾ ਪੰਜਾਬ ਐਗਰੋ ਦੇ ਸਾਬਕਾ ਚੇਅਰਮੈਨ ਤਰਲੋਕ ਸਿੰਘ ਬਾਠ,ਜਥੇਦਾਰ ਤਰਸੇਮ ਸਿੰਘ ਤਾਹਰਪੁਰ, ਹਲਕਾ ਇੰਚਾਰਜ ਮਨਦੀਪ ਸਿੰਘ ਰੰਗੜ ਨੰਗਲ ਕਾਂਗਰਸ ,ਗੁਰਨਾਮ ਸਿੰਘ ਭੋਮਾ ਸਪੁੱਤਰ ਬਾਬਾ ਦਲਬੀਰ ਸਿੰਘ ,ਸਤਨਾਮ ਸਿੰਘ ਭੋਮਾ ਕੈਨੇਡਾ, ਬਾਬਾ ਸ਼ਿਹਬਾਜ਼ ਸਿੰਘ ਮਹਿਤਾ ਚੌਂਕ, ,ਸਾਹਿਬ ਸਿੰਘ ਭੋਮਾ , ਹਰਪਾਲ ਸਿੰਘ ਕਨੇਡਾ, ਤੇਜਪਾਲ ਸਿੰਘ ਕਨੇਡਾ,ਜਥੇਦਾਰ ਕਸ਼ਮੀਰ ਸਿੰਘ ਬਰਿਆਰ, ਸਰਦੂਲ ਸਿੰਘ ਚੀਮਾ, , ਬਾਬਾ ਗੁਰਦਿਆਲ ਸਿੰਘ ਦਿਆਲਗੜ੍ਹ , ਗਿਆਨੀ ਪ੍ਰਤਾਪ ਸਿੰਘ ਬੁੱਟਰ, ਸਰਪੰਚ ਸੁਬੇਗ ਸਿੰਘ ਕੈਲੇ ਖੁਰਦ , ਬਾਬਾ ਸ਼ੇਰ ਸਿੰਘ ,ਡਾ ਸੰਤੋਖ ਸਿੰਘ ਭੋਮਾ, ਟਾਰਜਨ ਸਿੰਘ ,ਮਾਸਟਰ ਹਰਜੀਤ ਸਿੰਘ ਬੋਲੇਵਾਲ ,ਰਾਜਨਬੀਰ ਸਿੰਘ ਘੁਮਾਣ,ਬਾਬਾ ਬੇਅੰਤ ਸਿੰਘ ,ਮਨਜਿੰਦਰ ਪਾਲ ਸਿੰਘ ਮੰਨਾ, ਦਵਿੰਦਰ ਸਿੰਘ ਭੋਮੇ ਵਾਲ਼ੇ, ਗੁਰਦੀਪ ਸਿੰਘ ਬਾਊ, ਸ਼ਿਵਦੇਵ ਸਿੰਘ ਮਲੋਵਾਲੀ,ਦਲਵੀਰ ਸਿੰਘ ਬਮਰਾਹ, ਹਰਦੀਪ ਸਿੰਘ ਬੇਦੀ, ਮਿੱਟੂ ਤਾਰਪੁਰ , ਬਿੱਲਾ ਘੁਮਾਣ, ਨੰਬਰਦਾਰ ਸ਼ੁੱਕਲਾ, ਜਸਬੀਰ ਸਿੰਘ ਮਹਿਤਾ, ਮਾਸਟਰ ਬਲਰਾਜ ਸਿੰਘ, ਸਾਬਕਾ ਸਰਪੰਚ ਜੀਵਨ ਸਿੰਘ , ਹਰਜਿੰਦਰ ਸਿੰਘ ਠੇਕੇਦਾਰ, ਪ੍ਰਿੰਸਿਪਲ ਮੈਡਮ ਹਰਜੀਤ ਕੌਰ, ਤਰਸੇਮ ਸਿੰਘ , ਜੋਗਿੰਦਰ ਸਿੰਘ ਰੰਧਾਵਾ, ਗੁਰਜਿੰਦਰ ਸਿੰਘ ਪੱਡੇ, ਮਨਦੀਪ ਸਿੰਘ ਪੱਡੇ, ਜਤਿੰਦਰ ਸਿੰਘ ਲੱਧਾ ਮੁੰਡਾ ਜਿਲਾ ਪ੍ਰਧਾਨ ਬੀ ਸੀ ਵਿੰਗ, ਮਾਸਟਰ ਸੁਰਿੰਦਰ ਸਿੰਘ ਬੇਦੀ, ਸੁਖਵਿੰਦਰ ਸਿੰਘ ਮੱਲੋਵਾਲੀ ਸਾਬਕਾ ਸਰਪੰਚ, ਮਾਸਟਰ ਸਰਪੰਚ ਸਿੰਘ ਮਡਿਆਲਾ , ਡਾਕਟਰ ਸਵਿੰਦਰ ਸਿੰਘ ,ਸਰੂਪ ਸਿੰਘ, ਜੋਗਿੰਦਰ ਸਿੰਘ, ਬਖਸ਼ੀਸ਼ ਸਿੰਘ ਭੋਮਾ , ਤਰਸੇਮ ਸਿੰਘ , ਨਿਸ਼ਾਨ ਸਿੰਘ ਮਡਿਆਲਾ , ਮਾਸਟਰ ਗੁਰਮੀਤ ਸਿੰਘ , ਇਕਬਾਲ ਸਿੰਘ ਮਹਿਤਾ, ਹਰਦਿਆਲ ਸਿੰਘ ਮਹਿਤਾ ,ਕੁਲਦੀਪ ਸਿੰਘ, ਸਕੱਤਰ ਸਿੰਘ , ਇਕਬਾਲ ਸਿੰਘ , ਜਸਬੀਰ ਸਿੰਘ ਜੱਸ ਡੁੱਬਈ,ਮਨਜੀਤ ਸਿੰਘ , ਦੀਦਾਰ ਸਿੰਘ , ਅਵਤਾਰ ਸਿੰਘ , ਕਰਨੈਲ ਸਿੰਘ , ਸਤਨਾਮ ਸਿੰਘ , ਭੁਪਿੰਦਰ ਸਿੰਘ ਲੱਧਾ ਮੁੰਡਾ , ਮਨਦੀਪ ਸਿੰਘ ਪੱਡਾ , ਕੁਲਵੰਤ ਸਿੰਘ ਭੋਮਾ , ਕਾਬਲ ਸਿੰਘ, ਪ੍ਰੇਮ ਸਿੰਘ, ਇੰਦਰਜੀਤ ਸਿੰਘ , ਰਣਜੀਤ ਸਿੰਘ ਟੀਟੂ , ਗੁਰਮੀਤ ਸਿੰਘ ਕਾਲਾ ਗੁਰਾਇਆ ਸਾਹਿਬ ਸਿੰਘ , ਸਾਬਕਾ ਸਰਪੰਚ ਜਗੀਰ ਸਿੰਘ , ਮਨੋਹਰ ਸਿੰਘ , ਬਲਦੇਵ ਸਿੰਘ, ਗੁਰਮੀਤ ਸਿੰਘ , ਰਵਿਦਾਸ ਸਿੰਘ, ਜਗਜੀਤ ਸਿੰਘ ਤਾਰਪੁਰ ਆਦਿ ਹਾਜ਼ਰ ਸਨ।



# ਮੋਦੀ ਸਰਕਾਰ ਦੀ ਤਾਨਾਸ਼ਾਹੀ ਕੇਜਰੀਵਾਲ ਨੂੰ ਨਹੀਂ ਕਰ ਸਕਦੀ ਕਮਜ਼ੋਰ : ਸਿੱਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰ ਦੀ ਮੋਦੀ ਸਰਕਾਰ ਨੂੰ ਆਪਣਾ ਤਾਨਾਸ਼ਾਹੀ ਰਵੱਈਆ ਤਿਆਗ ਦੇਣਾ ਚਾਹੀਦਾ ਹੈ। 2024 ਵਿੱਚ ਮੋਦੀ ਸਰਕਾਰ ਦਾ ਗ੍ਰਾਫ ਜਿਸ ਤਰ੍ਹਾਂ ਹੇਠਾਂ ਗਿਆ ਹੈ, ਭਾਜਪਾ ਨੂੰ ਉਸ ਵੱਲ ਧਿਆਨ ਦੇਣਾ ਚਾਹੀਦਾ ਹੈ ਅਤੇ ਵਿਰੋਧੀ ਪਾਰਟੀਆਂ ਨੂੰ ਤੰਗ-ਪ੍ਰੇਸ਼ਾਨ ਕਰਨਾ ਬੰਦ ਕਰ ਦੇਣਾ ਚਾਹੀਦਾ ਹੈ। ਭਾਜਪਾ ਦੀ ਮੋਦੀ ਸਰਕਾਰ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਕਦੇ ਈਡੀ ਰਾਹੀਂ ਅਤੇ ਕਦੇ ਸੀਬੀਆਈ ਰਾਹੀਂ ਝੂਠੇ ਕੇਸਾਂ ਵਿੱਚ ਫਸਾ ਕੇ ਆਮ ਆਦਮੀ ਪਾਰਟੀ ਨੂੰ ਕਮਜ਼ੋਰ ਨਹੀਂ ਕਰ ਸਕਦੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓਐਸਡੀ ਸ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਡੇਢ ਸਾਲ ਤੋਂ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ 'ਆਪ' ਆਗੂਆਂ ਨੂੰ ਝੂਠੇ ਕੇਸਾਂ ਵਿੱਚ ਵਸਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਰ ਇੱਕ ਦਿਨ ਸੱਚਾਈ ਦੀ ਜਿੱਤ ਹੋਵੇਗੀ ਅਤੇ ਪਾਰਟੀ ਦੇ ਸਾਰੇ ਆਗੂ ਬੇਕਸੂਰ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਮਾਣਯੋਗ ਅਦਾਲਤ ਵੱਲੋਂ ਜ਼ਮਾਨਤ ਮਿਲਣ ਦੀ ਸੰਭਾਵਨਾ ਤੋਂ ਬਾਅਦ ਹੁਣ ਸੀ.ਬੀ.ਆਈ. ਨੂੰ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਇਸ ਮੌਕੇ ਉਹਨਾਂ ਦੇ ਨਾਲ ਆਪ ਆਗੂ ਰਣਜੋਧ ਸਿੰਘ ਪ੍ਰਮੁੱਖ ਉਮੀਦਵਾਰ ਜਿਲ੍ਹਾ ਪ੍ਰੀਸ਼ਦ ਜੋਨ ਬੇਨੜਾ, ਮਨਜੀਤ ਸਿੰਘ ਲੱਡਾ, ਨਪਿੰਦਰ ਸਿੰਘ ਕਾਂਝਲਾ, ਜੀਤਪਾਲ ਸਿੰਘ ਕਾਂਝਲਾ ਹਾਜ਼ਰ ਸਨ।

# ਸਾਂਸਦ ਅੰਮ੍ਰਿਤਪਾਲ ਸਿੰਘ ਨੂੰ ਸਰਕਾਰ ਨੇ ਸਹੁੰ ਨਾ ਚੁੱਕਾ ਕੇ ਲੋਕਤੰਤਰ ਦਾ ਘਾਣ ਕੀਤਾ : ਪੰਮਾ ਬਾਠ

ਧੂਰੀ ( ਰਣਜੀਤ ਸਿੰਘ ਪੇਧਨੀ ) ਬਿਨਾਂ ਕਿਸੇ ਕਸੂਰ ਤੇ ਦੇਸ਼ ਵਿਰੋਧੀ ਹੋਣ ਦਾ ਪਰਚਾ ਪਾ ਕੇ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਕੀਤੇ ਭਾਈ ਅੰਮ੍ਰਿਤਪਾਲ ਸਿੰਘ ਨਾਲ ਦੂਜੀ ਵਾਰ ਫਿਰ ਸਰਕਾਰ ਵੱਲੋਂ ਵੱਡਾ ਧੱਕਾ ਕੀਤਾ ਜਾ ਰਿਹਾ ਹੈ ਜੋ ਕਿ ਖਡੂਰ ਸਾਹਿਬ ਹਲਕੇ ਤੋਂ ਜਿੱਤ ਕੇ ਮੈਂਬਰ ਪਾਰਲੀਮੈਂਟ ਬਣੇ ਹਨ, ਉਹਨਾਂ ਨੂੰ ਸਹੁੰ ਚੁੱਕਣ ਦੀ ਇਜਾਜ਼ਤ ਨਾਂ ਦੇ ਕੇ ਸਗੋਂ ਅੜਿੱਕੇ ਲਾ ਕੇ ਸਰਕਾਰ ਜਿੱਥੇ ਸੰਵਿਧਾਨ ਦੀ ਘੋਰ ਉਲੰਘਣਾ ਕੀਤੀ ਹੈ, ਉੱਥੇ ਮਨੁੱਖੀ ਅਧਿਕਾਰਾਂ ਦਾ ਵੀ ਕਤਲ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਧੂਰੀ ਹਲਕੇ ਦੇ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ



ਜਿਸ ਵਿਆਕਤੀ ਨੇ ਇਸ ਦੇਸ਼ ਦੇ ਲੋਕਤੰਤਰ ਵਿੱਚ ਵਿਸ਼ਵਾਸ ਜਿਤਾਉਂਦਿਆਂ ਸੰਵਿਧਾਨਿਕ ਜਿੱਤ ਹਾਸਲ ਕੀਤੀ ਹੋਵੇ ਉਹ ਭਲਾ ਦੇਸ਼ ਲਈ ਖਤਰਾ ਕਿਵੇਂ ਹੋ ਸਕਦਾ ਹੈ, ਜਿਸ ਲਈ ਸਿੱਖਾਂ ਦੇ ਇਸ ਸੂਬੇ ਅੰਦਰ ਵੀ ਸਿੱਖਾਂ ਲਈ ਦੋਹਰਾ ਕਨੂੰਨ ਆਪਣਾ ਕੇ ਸਰਕਾਰ ਬੇਗਾਨਗੀ ਅਤੇ ਸਿੱਖ ਵਿਰੋਧੀ ਹੋਣ ਦਾ ਅਹਿਸਾਸ ਕਰਵਾ ਰਹੀ ਹੈ। ਜਿਸ ਨੂੰ ਕਦੇ ਵੀ ਪੰਜਾਬੀ ਅਤੇ ਸਿੱਖ ਪੰਥ ਮਾਫ਼ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਪੂਰੇ ਪੰਥ ਨੂੰ ਆਪਸੀ ਗਿਲੇ ਸ਼ਿਕਵੇ ਭੁਲਾ ਕੇ ਪਹਿਲਾ ਦੇ ਬੰਦੀ ਸਿੰਘਾਂ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਸਾਥੀਆ ਸਮੇਤ ਰਿਹਾਈ ਲਈ ਇਕਜੁਟਤਾ ਨਾਲ ਅਵਾਜ਼ ਬੁਲੰਦ ਕਰਨੀ ਚਾਹੀਦੀ ਹੈ।

# ਕਰਮਜੀਤ ਸਿੰਘ ਨੇ ਥਾਣਾ ਸਦਰ ਦੇ ਐੱਸ ਐੱਚ ਓ ਵੱਜੋਂ ਚਾਰਜ ਸੰਭਾਲਿਆ

ਧੂਰੀ ( ਰਣਜੀਤ ਸਿੰਘ ਪੇਧਨੀ ) ਸਬ ਇੰਸਪੈਕਟਰ ਕਰਮਜੀਤ ਸਿੰਘ ਨੇ ਅੱਜ ਥਾਣਾ ਸਦਰ ਧੂਰੀ ਦੇ ਐਸ ਐਚ ਓ ਵੱਜੋਂ ਆਪਣਾ ਚਾਰਜ ਸੰਭਾਲਣ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਗੈਰ ਕਾਨੂੰਨੀ ਕੰਮ ਕਰਨ ਵਾਲਿਆਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਐਸ ਐਚ ਓ ਕਰਮਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਨਸ਼ੇ ਦੇ ਖਿਲਾਫ ਛੇੜੀ ਮੁਹਿੰਮ ਨੂੰ ਉਹ ਪੂਰੀ ਸਖਤੀ ਨਾਲ ਚਲਾਉਣਗੇ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆ ਨੂੰ ਬਖਸ਼ਿਆ ਨਹੀ ਜਾਵੇਗਾ ।ਉਨਾ ਨੇ ਲੋਕਾ ਨੂੰ ਅਪੀਲ ਕੀਤੀ ਕਿ ਆਪਣੇ ਆਲੇ ਦੁਆਲੇ ਨਸ਼ੇ ਦੇ ਕਾਰੋਬਾਰ ਕਰਨ ਵਾਲਿਆਂ ਦੀ ਗੁਪਤ ਸੂਹ ਪੁਲਿਸ ਨੂੰ ਦਿੱਤੀ ਜਾਵੇ ਅਤੇ ਪੁਲਿਸ ਸੂਚਨਾਂਕਾਰ ਦਾ ਨਾਮ ਅਤੇ ਪਤਾ ਗੁਪਤ ਰੱਖੇਗੀ।

# ਪੰਜਾਬ ਚ ਵੱਧਦੀ ਗਰਮੀ ਨੂੰ ਵੇਖਦਿਆਂ ਆਪ ਆਗੂਆਂ ਵੱਲੋਂ ਮਨਰੇਗਾ ਮਜ਼ਦੂਰਾਂ ਰਾਹੀ ਬੂਟੇ ਲਗਾਏ ਗਏ ਭੁਪਿੰਦਰ ਸਿੰਘ ਰਮਾਣਾ ਚੱਕ



ਜੰਡਿਆਲਾ ਗੁਰੂ 2 ਜਲਾਈ. ( ਕੁਲਵੰਤ ਸਿੰਘ ਵਿਰਦੀ) ਪੰਜਾਬ ਵਿੱਚ ਵਧਦੇ ਗਰਮ ਮੌਸਮ ਨੂੰ ਦੇਖਦਿਆਂ ਸਮਾਜ ਦਾ ਹਰ ਵਰਗ ਸਮਾਜਸੇਵੀ , ਵਾਤਾਵਰਨ ਪ੍ਰੇਮੀ, ਬੁੱਧੀਜੀਵੀ ਧਾਰਮਿਕ ਸੰਸਥਾਵਾਂ ਚਿੰਤਤ ਦਿਖਾਈ ਦੇ ਰਹੀਆਂ ਹਨ ਅਤੇ ਇਸ ਸਭ ਕਾਸੇ ਲਈ ਰੁੱਖਾਂ ਦੀ ਘਾਟ ਦਾ ਕਾਰਨ ਹੀ ਮੰਨਿਆ ਜਾ ਰਿਹਾ ਹੈ ਇਸ ਨੂੰ ਦੇਖਦੇ ਹੋਏ ਸਰਕਾਰ ਦੀਆਂ ਹਦਾਇਤਾਂ ਦੇ ਅਨੁਸਾਰ ਵੀ ਰੁੱਖਾਂ ਦੇ ਧਰਤੀ ਹੇਠਲੇ ਰਕਬੇ ਨੂੰ ਵਧਾਉਣ ਲਈ ਲਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਸਰਕਾਰ ਦੀਆਂ ਖਾਲੀ ਪਈਆਂ ਥਾਂਵਾਂ ਨਹਿਰਾਂ , ਰੋਹੀਆਂ , ਨਖਾਸੂ , ਸੂਏ ਆਦਿ ਤੇ ਸਮਾਜਸੇਵੀਆਂ , ਵਾਤਾਵਰਨ ਪ੍ਰੇਮੀ ਨਾਲ ਰਲ ਕੇ ਰੁੱਖ ਲਗਵਾਏ ਜਾ ਰਹੇ ਹਨ ਜਿਸ ਦੇ ਚਲਦਿਆਂ ਆਪ ਆਗੂ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਰਮਾਣਾ ਚੱਕ ਬਲਵਿੰਦਰ ਸਿੰਘ ਕਿਸਾਨ ਮਜਦੂਰ ਸੰਘਰਸ਼ ਕਮੇਟੀ ਕਿਸਾਨ ਆਗੂ ਰਮਾਣਾ ਚੱਕ ਵੱਲੋ ਪਿੰਡ ਦੀਆਂ ਖਾਲੀ ਪਈਆਂ ਥਾਂਵਾਂ ਤੇ ਮਨਰੇਗਾ ਮਜ਼ਦੂਰਾਂ ਰਾਹੀ ਰੁੱਖ ਲਗਵਾਏ ਗਏ। ਉੰਨਾਂ ਕਿਹਾ ਕਿ ਹਰ ਪਿੰਡ ਨੂੰ ਪੰਜ ਸੌ ਬੂਟੇ ਦਿੱਤੇ ਜਾ ਰਹੇ ਹਨ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਾ ਕਿ ਵਾਤਾਵਰਨ ਨੂੰ ਸੁੱਧ ਬਣਾਉਣ ਲਈ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।

### ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਮਲਹੋਤਰਾ ਵੱਲੋਂ

# ਆਪਣੇ ਮਾਤਾ ਪਿਤਾ ਦੀ 23 ਵੀਂ ਸਾਲਾਨਾ ਬਰਸੀ ਮਨਾਈ



**ਜੰਡਿਆਲਾ ਗੁਰੂ, 2 ਜਲਾਈ (ਕੁਲਵੰਤ ਸਿੰਘ ਵਿਰਦੀ)**-ਅੱਜ ਸਮੂਹ ਮਲਹੋਤਰਾ ਪ੍ਰੀਵਾਰ ਵੱਲੋਂ ਅਤੇ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਮਲਹੋਤਰਾ ਵੱਲੋਂ ਆਪਣੀ ਮਾਤਾ ਸੀਤਾ ਰਾਣੀ ਮਲਹੋਤਰਾ ਪਿਤਾ ਰਾਮ ਲੁਭਾਇਆ ਮਲਹੋਤਰਾ ਜੀ ਦੀ 23 ਵੀਂ ਸਾਲਾਨਾ ਬਰਸੀ ਮਨਾਈ ਗਈ ਬਰਸੀ ਨੂੰ ਸਮਰਪਿਤ ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਸਾਹਿਬ ਜੀ ਵਿਖੇ 30 ਜੂਨ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਗਈ ਅਤੇ ਅੱਜ ਮਿਤੀ 2 ਜਲਾਈ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਪ੍ਰਕਾਸ਼ ਸਿੰਘ ਜੀ ਨੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਇਸ ਮੌਕੇ ਤੇ ਸੰਤ ਬਾਬਾ ਪਰਮਾਨੰਦ ਜੀ ਵੱਲੋਂ ਐਡਵੋਕੇਟ ਰਾਜ ਕੁਮਾਰ ਮਲਹੋਤਰਾ ਨੂੰ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਸਿਰਪਾਓ ਦਿੱਤਾ ਗਿਆ ਇਸ ਮੌਕੇ ਤੇ ਐਡਵੋਕੇਟ ਰਾਜ ਕੁਮਾਰ ਮਲਹੋਤਰਾ ਨੇ ਆਈਆ ਹੋਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ ਇਸ ਮੌਕੇ ਤੇ ਸ੍ਰੀ ਰਵਿੰਦਰਪਾਲ ਸਿੰਘ ਕੁੱਕੂ, ਆੜ੍ਹਤੀਆਂ ਐਸੋਸੀਏਸ਼ਨ ਦੇ ਪ੍ਰਧਾਨ ਸੁਰਜੀਤ ਸਿੰਘ ਕੰਗ, ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਡਾਇਰੈਕਟਰ ਮੰਗਲ ਸਿੰਘ ਕਿਸ਼ਨਪੁਰੀ, ਮਨਜੀਤ ਸਿੰਘ ਗਰੋਵਰ, ਸਵਿੰਦਰ ਸਿੰਘ ਚੰਦੀ, ਕੁਲਵੰਤ ਸਿੰਘ ਮਲਹੋਤਰਾ,ਰਕੇਸ਼ ਕੁਮਾਰ ਰਿੰਪੀ, ਸ਼ਹਿਰੀ ਪ੍ਰਧਾਨ ਸਰੂਪ ਸਿੰਘ ਸੰਤ, ਨਗਰ ਕੌਂਸਲ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਮਲਹੋਤਰਾ, ਵਿਜੇ ਕੁਮਾਰ ਕਾਲਾ ਮਲਹੋਤਰਾ, ਅਸ਼ੋਕ ਕੁਮਾਰ ਮਲਹੋਤਰਾ, ਹਰੀਸ਼ ਕੁਮਾਰ ਮਲਹੋਤਰਾ,ਰਾਜ ਕੁਮਾਰ ਰਾਜੂ ਅਤੇ ਹੋਰ ਵੀ ਨਾਮਵਰ ਸ਼ਖ਼ਸੀਅਤਾਂ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਹਾਜ਼ਰੀਆਂ ਭਰੀਆਂ ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ।

# ਸ਼ਹੀਦਾਂ ਦੀ ਯਾਦਗਾਰ ਨੂੰ ਸਲਾਮ : ਪੀ. ਸੀ. ਕੁਮਾਰ

ਫ਼ਿਰੋਜ਼ਪੁਰ, 2 ਜੁਲਾਈ (ਮਨੋਹਰ ਲਾਲ) :— ਆਜ਼ਾਦੀ ਮੌਕੇ ਦੇਸ਼ ਦੀ ਵੰਡ ਵਿਚ ਹੋਏ ਲੱਖਾਂ ਦੀ ਗਿਣਤੀ ਵਿਚ ਘੱਲੂਘਾਰੇ ਦੇ ਪ੍ਰਮ ਸ਼ਹੀਦਾਂ ਦੀ ਯਾਦਗਾਰ ਤੇ ਸਲਾਮ। ਇਹ ਵਿਚਾਰ ਸਾਂਝੇ ਕਰਦਿਆਂ ਸ੍ਰੀ ਪੀ.ਸੀ ਕੁਮਾਰ ਨੇ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਵਿਰਸੇ ਨੂੰ ਪਿਛੋਕੜ ਨੂੰ ਯਾਦ ਨਹੀਂ ਰੱਖਦੀਆਂ, ਉਨ੍ਹਾਂ ਦੀਆਂ ਅਦੁਤੀਆਂ ਕੁਰਬਾਨੀਆਂ ਨੂੰ ਆਉਣ ਵਾਲੀ ਪੀੜ੍ਹੀ ਨੂੰ ਜਾਣੂ ਨਹੀਂ ਕਰਵਾਉਂਦੀਆਂ ਤੇ ਉਨ੍ਹਾਂ ਦੇ ਸੁਪਨੇ, ਭਾਵਨਾਵਾਂ, ਵਿਚਾਰਧਾਰਾ ਨੂੰ ਅਮਲੀ ਜਾਮਾ ਪਹਿਨਾ, ਸੁਪਨਿਆਂ ਦਾ ਭਾਰਤ ਬਣਾ ਅਮਰ ਸ਼ਹੀਦਾਂ ਨੂੰ ਯਾਦ ਨਹੀਂ ਕਰਦੇ, ਉਨ੍ਹਾਂ ਦੀਆਂ ਹੌਂਦਾਂ ਧਰਤੀ ਤੇ ਅਲੋਪ ਹੋ ਕੇ ਰਹਿ ਜਾਂਦੀਆਂ ਹਨ, ਜਿਨ੍ਹਾਂ ਵਿਚੋਂ ਅਸੀਂ ਇਕ ਰਾਜੋ ਆਉਣ ਵਾਲੀ ਪੀੜ੍ਹੀ ਜ਼ੋ ਖਾਣ ਪੀਣ ਰਹਿਣ ਸਹਿਣ, ਆਦਤਾਂ ਤੇ ਉਨ੍ਹਾਂ ਦੇ ਜੀਵਨ ਜ਼ੋ ਵਿਦੇਸ਼ੀ ਪਨ ਆਇਆ ਆ ਰਿਹਾ ਤੇ ਆਉਣ ਵਾਲੇ ਸਮੇਂ ਵਿਚ ਹੋਣ ਜਾ ਰਿਹਾ ਹੈ, ਉਸਦੀ ਜ਼ਿੰਮੇਵਾਰੀ ਕਿਸੇ ਹੋਰ ਦੇ ਨਹੀਂ, ਸਾਡੀ, ਸਾਡੇ ਸਮਾਜ, ਦੇਸ਼ ਭਾਵ ਟੀਚਰਾਂ, ਪਰੀਚਰਾਂ, ਲੀਡਰਾਂ ਭਾਵ ਖੁਦ ਤੋਂ ਸ਼ੁਰੂ ਹੋ ਉਪਰ ਤੱਕ ਦੀ ਹੈ, ਅੱਜ ਕੁਝ ਇਕ ਸ਼ਹੀਦਾਂ, ਪ੍ਰਮ ਸ਼ਹੀਦਾਂ ਦੇ ਬੁੱਤ, ਫੋਟੋ ਉਹ ਵੀ ਕੌਮਾਂ ਵਿਚ ਵੰਡੀਆਂ ਸੋਹਦੀ ਜਿਹੀ ਸਿਆਸਤ ਵੋਟਾਂ ਦੀ ਰਾਜਨੀਤੀ ਜ਼ੋ ਪਾੜੋ ਤੇ ਰਾਜ ਕਰੋ ਸੋ ਸਾਲ ਸਾਨੂੰ ਗੁਲਾਮੀ ਦੀਆਂ ਜੰਜੀਰਾਂ ਵਿਚ ਕੁਟੀਆਂ, ਪੁਟੀਆਂ, ਲੁਟੀਆਂ ਆਖਰ ਦੇਸ਼ ਦੀ ਵੰਡ ਕਰ ਲੱਖਾਂ ਜ਼ੋ ਆਪਣੀ ਨਹੀਂ ਬਲਕਿ ਸਮੁੱਚੇ ਸਮਾਜ, ਦੇਸ਼ ਦੁਨੀਆਂ ਦੀ ਆਨ, ਮਾਨ, ਸ਼ਾਨ ਦੀ ਰਾਖੀ, ਇਜਤਾਂ, ਪਤਾ ਜ਼ੋ ਸਾਡੇ ਨੇਤਾਵਾਂ ਨੇ ਜਾਤੀ ਚੌਧਰਾਂ ਸਦਕਾ ਧਰਮ ਦੇ ਨਾਮ ਤੇ ਦੇਸ਼ ਦੀ ਵੰਡੀਆਂ ਪਾ ਕੇ ਸ਼ਹੀਦ ਹੀ ਨਹੀਂ ਹੋਏ ਬੇਰਹਿਮੀ ਨਾਲ ਉਨ੍ਹਾਂ ਨੂੰ ਬੱਚੇ, ਇਸਤਰੀਆਂ, ਨੌਜਵਾਨਾਂ, ਬੁਢਿਆਂ ਨੂੰ ਇਕ ਦੂਜੇ ਦੇ ਸਾਹਮਣੇ ਬੇਇਜਤ ਕਰ ਹਲਾਲ, ਪਸ਼ੂਆਂ ਦੀ ਤਰ੍ਹਾਂ ਕਰ ਨੰਗੇ ਧੜਕੇ ਕਰ ਇਜਤਾਂ ਲੁਟੀਆਂ, ਨਹਿਰਾਂ, ਦਰਿਆਵਾਂ, ਗੱਡੀਆਂ, ਲਹੂ ਦੀ ਨਦੀਆਂ ਜਿਨ੍ਹਾਂ ਦਾ ਅੱਜ ਤੱਕ ਨਾਮ ਲੇਵਾ ਵੀ ਨਹੀਂ ਕਈ ਪਰਿਵਾਰਾਂ, ਖਾਨਦਾਨਾਂ ਨਹੀਂ ਰਿਹਾ, ਹੋਰ ਤਾਂ ਹੋਰ ਮਾਨਵਤਾ ਦਾ ਜ਼ੋ ਕਤਲ ਹੋਇਆ ਅੱਜ ਜ਼ੋ 18 ਲੋਕ ਸਭਾ ਬਨਣ ਜਾ ਰਹੀ ਹੈ, ਉਹ ਵੀ ਇਕੋ ਇਕ ਵੋਟਾਂ ਜ਼ਰ ਜ਼ੋਰੂ ਜਾਤੀ ਹਿੱਤਾਂ ਜਾਂ ਕੁਨਬੀਆਂ ਨੂੰ ਇਕ ਧਰਮ ਨੂੰ ਦੂਜੇ ਧਰਮ ਨੂੰ ਲੜਾਉਣ ਇਲੈਕਸ਼ਨ ਵਿਚ ਇਸ ਧਰਮ ਦੀ ਆੜ ਲੈ ਕੇ ਅਜਿਹੇ ਉਮੀਦਵਾਰ ਜ਼ੋ ਲਗਾਤਾਰ ਜਾਤੀਆਂ, ਧਰਮਾਂ, ਇਲਾਕਾਈ ਤਸਾਈ ਨੂੰ ਮੁੱਖ ਰੱਖ ਟਿਕਟਾਂ ਦੇ ਕੇ ਇਸ ਧਰਤੀ ਤੋਂ ਸ਼ਹੀਦਾਂ ਦਾ ਖਾਸ ਤੌਜ਼ ਘਲੂ ਘਾਰਿਆਂ ਅਣਗਿਣਤੀਆਂ ਭੰਗ ਦੇ ਭਾਣੇ ਗਈਆਂ ਕੀਮਤੀ ਜਾਨਾਂ ਨੂੰ ਕਿਸੇ ਇਕ ਪਾਰਟੀ ਸਮੇਂ—ਸਮੇਂ ਆਈਆਂ ਸਰਕਾਰਾਂ ਜ਼ੋ ਇਕ ਆਦਿ ਵੀ ਵੋਟਾਂ ਦੀ ਰਾਜਨੀਤੀ ਸਦਕਾ ਚੌਕਾਂ ਤੇ ਬੁਤ ਲਵਾ ਦਫਤਰਾਂ ਵਿਚ ਫੋਟੋਆਂ ਲਵਾ ਸਾਲ ਪਿਛੋਂ ਉਨ੍ਹਾਂ ਦੇ ਦਿਨ ਮਨਾ ਪਾੜੋ ਤੇ ਰਾਜ ਕਰੋ ਕੁਝ ਇਕ ਘਰਾਣੇ, ਰਜਵਾੜੇਸ਼ਾਹੀ ਸਾਡੇ ਤੇ ਪਾੜੋ ਤੇ ਰਾਜ ਕਰੋ, 75 ਸਾਲਾਂ ਤੋਂ ਵੇਖਣ ਵਿਚ ਆ ਰਿਹਾ ਹੈ, ਪਰ ਇਨ੍ਹਾਂ ਲੱਖਾਂ ਘੱਲੂਘਾਰੇ ਵਿਚ ਹੋਏ ਸ਼ਹੀਦਾਂ ਦਾ ਅੱਜ ਕਈਆਂ ਦਾ ਨਾਮ ਲੇਵਾ ਵੀ ਨਹੀਂ ਬਚਿਆ। ਕਦੇ ਭੁਲ ਯਾਦਗਾਰਾਂ, ਬੁੱਤ ਤਾਂ ਦੂਰ ਦੀ ਗੱਲ ਇਕ ਆਦਿ ਧਰਮ ਆਪਣੇ ਆਪਣੇ ਆਜ਼ਾਦੀ ਮਗਰੋਂ ਇਨ੍ਹਾਂ ਵੋਟਾਂ ਦੀ ਰਾਜਨੀਤੀ ਜਾਂ ਜਾਤੀ ਲੀਡਰੀਆਂ ਸੋਹ ਦੀ ਸ਼ੋਹਰਦ ਲਈ ਹਰ ਸਾਲ ਜ਼ਰੂਰ ਸੁਣਨ ਦੇਖਣ ਨੂੰ ਮਿਲਦੇ ਹਨ, ਪਰ ਇਨ੍ਹਾਂ ਘੱਲੂਘਾਰਿਆਂ ਜਿਥੇ ਇਨ੍ਹਾਂ ਸ਼ਹੀਦੀਆਂ ਦਾ ਪਿਛੋਕੜ ਜਾਂ ਇਨਸਾਨੀਆਂ ਲਈ ਜ਼ੋ ਅਦੁੱਤੀਆਂ ਪਰਿਵਾਰਾਂ ਦੇ ਪਰਿਵਾਰਾਂ ਨੂੰ ਸ਼ਹੀਦੀਆਂ ਦਿੱਤੀਆਂ, ਜਿਨ੍ਹਾਂ ਦਾ ਕੋਈ ਲੇਵਾ ਵੀ ਨਹੀਂ ਅੱਜ ਤੱਕ ਕਿਸੇ ਪਾਰਟੀ ਸਰਕਾਰ ਨੂੰ ਸੁਚਿਤ ਚੇਤਾ ਨਹੀਂ ਆਓ ਇਨ੍ਹਾਂ ਸ਼ਹੀਦਾਂ ਨੂੰ ਨਤਮਸਤਕ ਲਈ ਯਾਦਗਾਰ ਬਨਾਈਏ ਤੇ ਹਰ ਸਾਲ ਇਨ੍ਹਾਂ ਜੇ ਇਨ੍ਹਾਂ ਦੇ ਬੱਚੇ ਪਰਿਵਾਰਾਂ ਦੇ ਮੈਂਬਰਾਂ ਨੂੰ ਨਤਮਸਤਕ ਹੋਣ ਦੇ ਹਜੂੰ ਸ਼ਰਧਾ ਦੇ ਫੁੱਲ ਭੇਂਟ ਕਰੀਏ।

# ਪੰਜਾਬ ਵਿੱਚ ਧੜ੍ਹਾ ਧੜ ਹੋ ਰਹੇ ਧਰਮ ਪਰਿਵਰਤਨ ਨੂੰ ਰੋਕਣ ਲਈ ਕੁੰਭੀ ਨੀਂਦ ਸੁੱਤੀ ਹੋਈ ਸਿੱਖ ਕੌਮ ਤੇ ਪੰਜਾਬੀ ਲਾਮਬੰਦ ਹੋਵਣ : ਭੋਮਾ

**ਨਵੀਂ ਦਿੱਲੀ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਸ ਮਨਜੀਤ ਸਿੰਘ ਭੋਮਾ ਨੇ ਸਿੱਖ ਕੌਮ ਤੇ ਪੰਜਾਬ ਵਾਸੀਆਂ ਨੂੰ ਸੁਚੇਤ ਤੇ



ਸਾਵਧਾਨ ਕਰਦਿਆਂ ਕਿਹਾ ਜੇਕਰ ਆਪਾ ਸਮੇਂ ਸਿਰ ਧਰਮ ਪਰਿਵਰਤਨ ਵਿਰੁੱਧ ਕੁੰਭੀ ਨੀਂਦ ਸੁੱਤੇ ਹੋਏ ਨਾ ਜਾਗੇ ਤਾਂ ਉਹ ਦਿਨ ਦੂਰ ਨਹੀਂ ਜਦੋਂ ਕ੍ਰਿਸਚਿਅਨ ਭਾਈਚਾਰਾ ਪੰਜਾਬ ਵਿੱਚ ਬਹੁ ਗਿਣਤੀ ਵਿਚ ਆ ਜਾਵੇਗਾ ।ਉਹਨਾਂ ਕਿਹਾ ਪੰਜਾਬੀ ਤੇ ਸਿੱਖ ਪਹਿਲਾਂ ਹੀ ਪੰਜਾਬ ਵਿਚੋਂ ਹਿਜ਼ਰਤ ਕਰਕੇ ਬਾਹਰਲੇ ਦੇਸ਼ਾਂ ਨੂੰ ਧੜ੍ਹਾ ਧੜ ਜ਼ਹਾਜੇ ਚੜ੍ਹਦੇ ਜਾ ਰਹੇ ਹਨ । ਰਹਿੰਦੀ ਕਸਰ ਕ੍ਰਿਸਚਿਅਨ ਭਾਈਚਾਰਾ ਪੂਰੀ ਕਰਦਾ ਜਾ ਰਿਹਾ । ਉਹਨਾਂ ਕਿਹਾ ਅੱਜ ਹਰ ਪਿੰਡ ਵਾਸੀ ਆਪੋ ਆਪਣੇ ਪਿੰਡਾਂ ਵੱਲ ਝਾਤ ਮਾਰੇ ਉਹਨਾਂ ਨੇ ਅੱਜ ਤੋਂ ਪੰਜ ਸੱਤ ਸਾਲ ਪਹਿਲਾਂ ਪਿੰਡਾਂ ਵਿੱਚ ਕਦੇ ਕ੍ਰਿਸਚਿਅਨ ਵੇਖੇ ਸਨ। ਫ਼ੇਰ ਇਹ ਰਾਤੋਂ ਰਾਤ ਖੁੱਬਾਂ ਵਾਂਗੂ ਕਿਥੋਂ ਪੈਦਾ ਹੋ ਗਏ ? ਸੋਚਣ ਵਾਲੀ ਗੱਲ ਇਹ ਹੈ ਕਿ ਇਹ ਕੋਈ ਸ਼ਰਨਾਰਥੀ ਬਣਕੇ ਕਿਸੇ ਦੇਸ਼ ਦਾ ਬਾਰਡਰ ਟੱਪਕੇ ਪੰਜਾਬ ਨਹੀਂ ਆਏਂ। ਇਹ ਤੁਹਾਡੇ ਹੀ ਭਰਾਵਾਂ ਨੂੰ ਗੁਮਰਾਹ ਕਰਕੇ ਤੇ ਲਾਲਚ ਦੇ ਈਸਾਈ ਬਣਾਇਆਂ ਗਿਆ ਹੈ। ਫਿਰ ਇਹਨਾਂ ਨਵੇਂ ਬਣੇ ਕ੍ਰਿਸਚਿਅਨਾਂ ਨੇ ਪਿੰਡਾਂ ਵਿੱਚ ਚਰਚਾ ਬਣਾਉਣ ਲਈ ਜ਼ਮੀਨ ਦਿੱਤੀ। ਇਸ ਤੋਂ ਬਾਅਦ ਸਿਆਸੀ ਆਗੂਆਂ ਨੇ ਵੋਟਾਂ ਲੈਣ ਲਈ ਇਹਨਾਂ ਦੀ ਪੁਸ਼ਤਪਨਾਹੀ ਕਰਦਿਆਂ ਇਹਨਾਂ ਨੂੰ ਵਿੰਗੇ ਟੇਡੇ ਢੰਗ ਨਾਲ ਗ੍ਰਾਂਟਾਂ ਦੇ ਚਰਚਾ ਦੀ ਪਿੰਡਾਂ ਵਿੱਚ ਉਸਾਰੀ ਕਰਵਾਕੇ ਇਹਨਾਂ ਚਰਚਾ ਦੇ ਉਦਘਾਟਨ ਕੀਤੇ ਹਨ ।ਉਹਨਾਂ ਕਿਹਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਦੇ ਪਿੰਡਾਂ ਵਿੱਚ ਪ੍ਰਚਾਰ ਪ੍ਰਸਾਰ ਕਰਕੇ ਧਰਮ ਪਰਿਵਰਤਨ ਕਰ ਚੁੱਕੇ ਆਪਣੇ ਸਿੱਖ ਭਰਾਵਾਂ ਨੂੰ 800 – 900 ਦੇ ਕਰੀਬ ਪ੍ਰੇਰਿਤ ਕਰਕੇ ਮੁੜ ਸਿੱਖ ਧਰਮ ਵਿੱਚ ਵਾਪਸੀ ਕਰਵਾਈ ਹੈ । ਪਰ ਦੂਸਰੇ ਪਾਸੇ ਵੇਖਿਆ ਜਾਵੇ ਇਹ ਨੌਬਤ ਆਈ ਕਿਉਂ ਇਹ ਇਸ ਕਰਕੇ ਆਈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਧਰਮ ਦੇ ਸਿੱਖ ਪ੍ਰਚਾਰਕਾਂ ਨੇ ਵੀ ਆਪਣੀ ਬਣਦੀ ਡਿਊਟੀਆਂ ਵਿੱਚ ਭਾਰੀ ਕੁਤਾਹੀਆਂ ਕੀਤੀਆਂ ਇਹਨਾਂ ਸਭਨੇ ਪਿੰਡਾਂ ਵਿੱਚ ਸਿੱਖ ਧਰਮ ਦਾ ਪ੍ਰਚਾਰ ਹੀ ਨਹੀਂ ਕੀਤਾ । ਕੁੱਝ ਚੰਦ ਸਿੱਖ ਪ੍ਰਚਾਰਕਾਂ ਨੂੰ ਛੱਡਕੇ ਬਹੁਤਿਆਂ ਸਿੱਖ ਪ੍ਰਚਾਰਕਾਂ ਨੂੰ ਪਿੰਡ ਤੇ ਪਿੰਡਾਂ ਦੇ ਗਰੀਬ ਲੋਕ ਚੰਗੇ ਹੀ ਨਹੀਂ ਲੱਗਦੇ ਇਹ ਬਾਹਰਲੇ ਦੇਸ਼ਾਂ ਤੋਂ ਡਾਲਰ ਕਮਾਉਣ ਲਈ ਰਾਹਧਾਰੀਆਂ ਮੰਗਵਾਕੇ ਬਾਹਰਲੇ ਦੇਸ਼ਾਂ ਨੂੰ ਜ਼ਹਾਜੇ ਚੜ੍ਹ ਜਾਂਦੇ ਹਨ । ਜਦ ਪਿੰਡਾਂ ਵਿੱਚ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਹੀ ਨਹੀਂ ਹੋਇਆ ਫ਼ਿਰ ਕ੍ਰਿਸਚਿਅਨ ਭਾਈਚਾਰੇ ਨੇ ਸਾਡੇ ਵਿਹੜੇ ਖਾਲ੍ਹੀ ਵੇਖਕੇ ਸਾਡੇ ਘਰਾਂ ਵਿੱਚ ਸੰਨ੍ਹ ਲਾ ਕੇ ਸਾਡੇ ਸਿੱਖ ਦਲਿਤ ਭਰਾਵਾਂ ਨੂੰ ਗੁਮਰਾਹ ਕਰ ਕੇ ਤੇ ਲਾਲਚ ਦੇ ਕੇ ਕ੍ਰਿਸਚਿਅਨ ਬਣਾਉਣਾ ਸ਼ੁਰੂ ਕਰ ਦਿੱਤਾ । ਜਿਸਦਾ ਨਤੀਜਾ ਇਹ ਨਿਕਲਿਆ ਕਿ ਅੱਜ ਹਰ ਪਿੰਡ ਵਿੱਚ ਇੱਕ ਤੋਂ ਲੈ ਕੇ ਤਿੰਨ ਚਰਚਾਂ ਹੋਂਦ ਵਿੱਚ ਆ ਚੁੱਕੀਆਂ ਹਨ।

## ਮੁੱਖ ਮੰਤਰੀ ਨੇ ਐਨ, ਓ, ਸੀ, ਖਤਮ ਕਰਕੇ ਆਮ ਜਨਤਾ ਦਾ ਦਿਲ ਜਿੱਤਿਆ : ਈ, ਟੀ, ਉ, ਜਲਾਲ ਉਸਮਾ, ਵਿਨੀਤ ਵਰਮਾ

ਚੌਕ ਮਹਿਤਾ , 2,ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈ, ਟੀ, ਉ, ਸ੍ਰੀ ਵਿਨੀਤ ਵਰਮਾ, ਟੇਰਡਰਜ ਕਮਿਸਨ ਪੰਜਾਬ ਸਰਕਾਰ ਅਤੇ ਸੂਬਾ ਪ੍ਰਧਾਨ ਟਰੇਡ ਵਿੰਗ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜਿਲਾ ਵਾਈਸ ਪ੍ਰਧਾਨ ਵਪਾਰ ਮੰਡਲ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਸਾਂਝੇ ਬਿਆਨ ਵਿੱਚ



ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਰਜਿਸਟੀਆ ਲਈ ਐਨ, ਉ, ਸੀ ਖਤਮ ਕੀਤੇ ਜਾਣ ਦੇ ਫੈਸਲੇ ਦਾ ਸਵਾਗਤ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਜਨਤਾ ਪੰਜਾਬ ਸਰਕਾਰ ਤੋਂ ਖੁਸ ਹਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਬਹੁਤ ਪਰੇਸ਼ਾਨ ਸਨ ਸਰਕਾਰੀ ਦਫਤਰਾਂ ਵਿੱਚ ਖੱਜਲ ਖੁਆਰੀ ਹੁੰਦੀ ਸੀ ਗੇੜੇ ਮਾਰ ਕਿ ਹੁਣ ਹੋਰ ਪੰਜਾਬ ਪੱਖੀ ਫੈਸਲੇ ਕਰਨ ਲਈ ਪੰਜਾਬ ਸਰਕਾਰ ਜਿਨਾ ਨਾਲ ਲੋਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਖੱਜਲ ਖੁਆਰੀ ਨਹੀਂ ਹੋਵੇਗੀ। ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ, ਟੀ, ਉ, ਸ੍ਰੀ ਵਿਨੀਤ ਵਰਮਾ ਮੈਬਰ ਟਰੇਡਰਜ਼ ਕਮਿਸਨ ਪੰਜਾਬ ਸਰਕਾਰ ਅਤੇ ਸੂਬਾ ਪ੍ਰਧਾਨ ਟਰੇਡ ਵਿੰਗ,ਸਮਾਜ ਸੇਵਕ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜਿਲਾ ਵਾਈਸ ਪ੍ਰਧਾਨ ਵਪਾਰ ਮੰਡਲ ਸ੍ਰੀ ਅੰਮ੍ਰਿਤਸਰ, ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾ, ਬੂਟਾ ਸਿੰਘ ਜਲਾਲ ਮੀਡੀਆ ਇੰਨਚਾਰਜ ਜੰਡਿਆਲਾ ਗੁਰੂ ਆਦਿ ਸੀਨੀਅਰ ਆਗੂ ਆਮ ਆਦਮੀ ਪਾਰਟੀ ਦੇ ਹਾਜ਼ਰ ਸਨ।

## ਖਡੂਰ ਸਾਹਿਬ ਤੋਂ ਐਮ.ਪੀ ਚੁਣੇ ਗਏ ਭਾਈ ਅਮ੍ਰਿੰਤਪਾਲ ਸਿੰਘ ਤੇ ਐਨਐਸਏ ਵਧਾਣਾ ਚਿੰਤਾਜਨਕ, ਤੁਰੰਤ ਕੀਤਾ ਜਾਵੇ ਰਿਹਾਅ: ਸਰਨਾ

ਨਵੀਂ ਦਿੱਲੀ, 2 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)– ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਨੇ



ਪੰਜਾਬ ਤੋਂ ਨਵੇਂ ਚੁਣੇ ਗਏ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੀ ਮੰਗ ਕੀਤੀ ਹੈ, ਜੋ ਇਸ ਸਮੇਂ ਅਸਾਮ ਦੀ ਜੇਲ੍ਹ ਵਿੱਚ ਨਜ਼ਰਬੰਦ ਹਨ। ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਬਾਰੇ ਜ਼ੋਰਦਾਰ ਵਕਾਲਤ ਕਰਦਿਆਂ ਕਿਹਾ ਕਿ, ਉਸ ਨਾਲ ਸਿਆਸੀ ਮੱਤਭੇਦਾਂ ਦੇ ਬਾਵਜੂਦ, ਉਹ ਆਪਣੇ ਖਡੂਰ ਸਾਹਿਬ ਹਲਕੇ ਦੀ ਸੇਵਾ ਕਰਨ ਲਈ ਬਕਾਇਆ ਮੁਕੱਦਮੇ ਤੋਂ ਮੁਕਤ ਹੋਣ ਦੇ ਹੱਕਦਾਰ ਹਨ, ਜਿਸ ਨੇ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਚੁਣਿਆ ਸੀ। ਸਰਨਾ ਨੇ ਕੌਮੀ ਸੁਰੱਖਿਆ ਐਕਟ ਤਹਿਤ ਭਾਈ ਅੰਮ੍ਰਿਤਪਾਲ ਸਿੰਘ ਦੀ ਨਜ਼ਰਬੰਦੀ ਨੂੰ ਹੋਰ ਇੱਕ ਸਾਲ ਲਈ ਵਧਾਉਣ ’ਤੇ ਵੀ ਚਿੰਤਾ ਪ੍ਰਗਟਾਈ ਅਤੇ ਉਨ੍ਹਾਂ ਦੀ ਹਾਲੀਆ ਚੋਣ ਜਿੱਤ ਤੋਂ ਬਾਅਦ ਇਸ ਫੈਸਲੇ ਤੇ ਸੁਆਲ ਉਠਾਏ ਹਨ । ਦਿੱਲੀ ਤੋਂ ਅਕਾਲੀ ਦਲ ਦੇ ਪ੍ਰਧਾਨ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰ ਅਤੇ ਚੋਣ ਪ੍ਰਕਿਰਿਆ ਦੀ ਭਾਵਨਾ ਦੇ ਮੱਦੇਨਜ਼ਰ ਇਸ ਬੇਨਤੀ ’ਤੇ ਗੰਭੀਰਤਾ ਨਾਲ ਵਿਚਾਰ ਕਰੇ। ਸਰਨਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਉਮੀਦ ਹੈ ਕਿ ਇਸ ਅਪੀਲ ਵੱਲ ਸਕਾਰਾਤਮਕ ਧਿਆਨ ਦਿੱਤਾ ਜਾਵੇਗਾ।

ਨੇਕ ਕੰਮ ਲਈ ਤੁਸੀਂ ਇੱਕ ਵਾਰ ਅੱਗੇ ਤਾਂ ਆਓ ਲੋਕ ਪਿੱਠ ਨਹੀਂ ਲੱਗਣ ਦਿੰਦੇ

# ਪਿੰਡ ਬਲ਼ਬੇੜ੍ਹਾ ਦੀ ਨੌਜਵਾਨੀ ਨੇ ਪਿੰਡ ਨੂੰ ਹਰਿਆ ਭਰਿਆ ਬਣਾਉਣ ਲਈ ਵਿੱਢੀ ਮੁਹਿੰਮ






ਆਵਾਜ਼ਿ ਕੌਮ AWAZE QAUM International Newspaper & WEB TV









ਨੇਕ ਕੰਮ ਲਈ ਤੁਸੀਂ ਇੱਕ ਵਾਰ ਅੱਗੇ ਤਾਂ ਆਓ ਲੋਕ ਪਿੱਠ ਨਹੀਂ ਲੱਗਣ ਦਿੰਦੇ ਬਲ਼ਬੇੜ੍ਹਾ ਦੇ ਪਿੰਡ ਵਾਸੀਆਂ ਨੇ ਪਿੰਡ ਨੂੰ ਹਰਿਆ ਭਰਿਆ ਬਣਾਉਣ ਲਈ ਵਿੱਡੀ ਮੁਹਿੰਮ ਸਿਆਣੇ ਕਹਿੰਦੇ ਨੇ ਜਦੋਂ ਜਾਗ ਪਏ ਉਦੋਂ ਹੀ ਸਵੇਰਾ ।ਪਟਿਆਲਾ ਜ਼ਿਲ੍ਹੇ ਦੇ ਪਿੰਡ ਬਲ਼ਬੇੜ੍ਹਾ ਵਾਸੀਆਂ ਨੇ ਪਿੰਡ ਨੂੰ ਹਰਿਆ ਭਰਿਆ ਬਣਾਉਣ ਦੀ ਮੁਹਿੰਮ ਬਿੱਡੀ ਹੋਈ ਹੈ । ਜਿਸ ਦਾ ਵੱਡਾ ਸਿਹਰਾ ਪਿੰਡ ਦੇ ਹੀ ਨੌਜਵਾਨ ਸਰਕਾਰੀ ਸਕੂਲ ਦੇ ਅਧਿਆਪਕ ਦਵਿੰਦਰ ਸਿੰਘ ਨੂੰ ਜਾਂਦਾ ਹੈ । ਜਿਨਾਂ ਦੀ ਲੋਕ ਸੇਵਾਵਾਂ ਦਾ ਵੇਰਵਾ ਅਸੀਂ ਪਿਛਲੇ ਦਿਨੀ 8 ਜੂਨ ਨੂੰ ਛਾਪੀ ਖਬਰ ਵਿੱਚ ਵੀ ਵਿਸਥਾਰ ਸਹਿਤ ਦੱਸਿਆ ਸੀ ।ਪਿੰਡ ਨੂੰ ਹਰਿਆ ਭਰਿਆ ਬਣਾਉਣ ਲਈ, ਪਿੰਡ ਵਾਸੀਆਂ ਅਤੇ ਐਨਆਰਆਈ ਭਰਾਵਾਂ ਦੇ ਸਹਿਯੋਗ ਨਾਲ ਪਿੰਡ ਦੇ ਚਾਰੇ ਪਾਸੇ, ਸਕੂਲ ਦੇ ਨੇੜੇ, ਪਿੰਡ ਦੇ ਆਂ ਪਹਿਆਂ, ਗਲੀਆਂ ਵਿੱਚ ਅਨੇਕਾਂ ਬੂਟੇ ਦਵਿੰਦਰ ਸਿੰਘ ਲਗਾ ਵਾ ਚੁੱਕੇ ਹਨ ।ਜਿਸ ਦੀ ਪੂਰੇ ਹਲਕੇ ਵਿੱਚ ਚਰਚਾ ਚੱਲ ਰਹੀ ਹੈ । ਇਥੇ ਇਸ ਗੱਲ ਦੀ ਸ਼ੋਭਾ ਵੀ ਕਰਨੀ ਬਣਦੀ ਹੈ ਕਿ ਮਸਲਾਂ ਸਿਰਫ ਬੂਟੇ ਲਾਉਣ ਤੱਕ ਸੀਮਤ ਨਹੀਂ ਸਗੋਂ ਉਨਾਂ ਦੇ ਪਾਲਣ ਪੋਸ਼ਣ ਵਾਸਤੇ ਜਾਲੀਆਂ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ।ਸਮੇਂ ਸਮੇਂ ਤੇ ਬੂਟਿਆਂ ਨੂੰ ਪਿੰਡ ਵਾਸੀਆਂ ਵੱਲੋਂ ਪਾਣੀ ਵੀ ਦਿੱਤਾ ਜਾ ਰਿਹਾ ਹੈ ।ਜਿਸ ਤਰੀਕੇ ਨਾਲ ਇਸ ਮੁਹਿੰਮ ਦੇ ਵਿੱਚ ਛੋਟੇ ਛੋਟੇ ਬੱਚਿਆਂ ਨੂੰ ਜੋੜਿਆ ਜਾ ਰਿਹਾ ਹੈ ਇਹ ਗੱਲ ਸਭ ਤੋਂ ਵੱਧ ਖੁਸ਼ੀ ਦੀ ਹੈ ।

ਇਸ ਮੁਹਿਮ ਨੂੰ ਵਿੱਢਣ ਵਾਸਤੇ ਮੈਂ ਆਪਣੇ ਵੱਲੋਂ, ਅਦਾਰਾ ਆਵਾਜੇ ਕੌਮ ਵੱਲੋਂ ਸਮੂਹ ਨਗਰ ਨਿਵਾਸੀ ਪਿੰਡ ਬਲ਼ਬੇੜ੍ਹਾ ਨੂੰ ਬਹੁਤ ਬਹੁਤ ਵਧਾਈ ਦਿੰਦਾ ਹਾਂ ।

**-ਪਰਗਟ ਸਿੰਘ ਬਲ਼ਬੇੜ੍ਹਾ. 9022000070**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੱਲੂਘਾਰਾ ਜੂਨ 1984 ਦੀ 40 ਸਾਲਾਂ ਯਾਦ ਵਿੱਚ

# ਗੁਰਦੁਆਰਾ ਬਾਬਾ ਸੰਗ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾ ਕੇ ਸ਼ਹੀਦੀ ਸਮਾਗਮ ਸਜਾਏ ਗਏ

## ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਸੰਤ ਬਾਬਾ ਅਵਤਾਰ ਸਿੰਘ ਜੀ ਬਧਨੀ ਕਲਾਂ ਵਾਲਿਆਂ ਨੇ ਹਾਜਰੀ ਭਰੀ













ਘੱਲੂਘਾਰਾ ਜੂਨ 1984 ਦੀ 40 ਸਾਲਾਂ ਯਾਦ ਵਿੱਚ ਗੁਰਦੁਆਰਾ ਬਾਬਾ ਸੰਗ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾ ਕੇ ਸ਼ਹੀਦੀ ਸਮਾਗਮ ਸਜਾਏ ਗਏ ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਸੰਤ ਬਾਬਾ ਅਵਤਾਰ ਸਿੰਘ ਜੀ ਬਧਨੀ ਕਲਾਂ ਵਾਲਿਆਂ ਨੇ ਹਾਜਰੀ ਭਰੀ ਇਥੇ ਜਿਥੇ ਧਾਰਮਿਕ ਵਿਚਾਰਾਂ ਗੁਰਬਾਣੀ ਕਥਾ ਅਤੇ ਸ਼ਹੀਦ ਸਿੰਘਾਂ ਦੀ ਕੁਰਬਾਨੀ ਬਾਰੇ ਬਾਬਾ ਹਰਨਾਮ ਸਿੰਘ ਖਾਲਸਾ ਨੇ ਸੰਗਤਾਂ ਨੂੰ ਦੱਸਿਆ ਉੱਥੇ ਸ਼ਹੀਦ ਪਰਿਵਾਰਾਂ ਦੇ ਮੈਂਬਰਾਂ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ ਗੁਰਦੁਆਰਾ ਬਾਬਾ ਸੰਗ ਦੇ ਪ੍ਰਧਾਨ ਭਾਈ ਰਘਵੀਰ ਸਿੰਘ ਬੀਰਾ ਅਤੇ ਸਾਰੀ ਪ੍ਰਬੰਧਕ ਕਮੇਟੀ ਨੇ ਜਿੱਥੇ ਸੰਗਤਾਂ ਨੇ ਜੀ ਆਇਆ ਕਿਹਾ ਉਥੇ ਸੰਤ ਬਾਬਾ ਹਰਨਾਮ ਸਿੰਘ ਮੁਖੀ ਦਮਦਮੀ ਟਕਸਾਲ ਅਤੇ ਸੰਤ ਅਵਤਾਰ ਸਿੰਘ ਜੀ ਬਧਨੀ ਕਲਾਂ ਵਾਲਿਆਂ ਦਾ ਵੀ ਸਨਮਾਨ ਕੀਤਾ।

(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੱਲੂਘਾਰਾ ਜੂਨ 1984 ਦੀ 40 ਸਾਲਾਂ ਯਾਦ ਵਿੱਚ

# ਗੁਰਦੁਆਰਾ ਬਾਬਾ ਸੰਗ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾ ਕੇ ਸ਼ਹੀਦੀ ਸਮਾਗਮ ਸਜਾਏ ਗਏ

## ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਸੰਤ ਬਾਬਾ ਅਵਤਾਰ ਸਿੰਘ ਜੀ ਬਧਨੀ ਕਲਾਂ ਵਾਲਿਆਂ ਨੇ ਹਾਜਰੀ ਭਰੀ










ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਮਮਦੋਟ ਵਿਖੇ ਰੋਕੀ ਗਈ ਘਰ ਵਿਚ ਹੋਣ ਜਾ ਰਹੀ ਡਲੀਵਰੀ

# ਤੁਰੰਤ ਗਰਭਵਤੀ ਮਹਿਲਾ ਨੂੰ ਸੁਰਖਿਅਤ ਜਨੇਪੇ ਲਈ 108 ਐਂਬੂਲੈਂਸ ਰਾਹੀਂ ਪਹੁੰਚਾਇਆ ਸਿਹਤ ਕੇਂਦਰ

**ਫ਼ਿਰੋਜ਼ਪੁਰ, 2 ਜੁਲਾਈ (ਮਨੋਹਰ ਲਾਲ) :—** ਘਰਾਂ ਵਿੱਚ ਹੋ ਰਹੇ ਜਨੇਪੇ ਨੂੰ ਰੋਕਣ ਲਈ ਸਿਹਤ ਵਿਭਾਗ ਵੱਲੋਂ ਹਰ ਤਰਾਂ ਦੀਆਂ ਸੰਭਵ ਕੋਸ਼ਿਸ਼ਾਂ ਕਰਦਿਆਂ ਜਿਥੇ ਗਰਭਵਤੀ ਮਹਿਲਾ ਅਤੇ ਪਰਿਵਾਰਿਕ ਮੈਂਬਰ ਨੂੰ ਜੱਚਾ—ਬੱਚਾ ਦੀ ਤੰਦਰੁਸਤੀ ਲਈ ਸਰਕਾਰੀ ਹਸਪਤਾਲ ਵਿੱਚ ਜਨੇਪਾ ਕਰਵਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ, ਉਥੇ ਹੀ ਦਾਈਆਂ ਨੂੰ ਸਖਤ ਤਾੜਨਾ ਕੀਤੀ ਜਾ ਰਹੀ ਹੈ ਤਾਂ ਜੋ ਘਰਾਂ ਵਿੱਚ ਹੋ ਰਹੇ ਜਨੇਪੇ ਨੂੰ ਰੋਕਿਆ ਜਾ ਸਕੇ। ਇਸ ਦੇ ਚਲਦਿਆਂ ਮਮਦੋਟ ਵਿਖੇ ਗਰਭਵਤੀ ਦੀ ਡਿਲਿਵਰੀ ਦਾ ਕੇਸ ਦਾਈ ਵੱਲੋਂ ਕੀਤੇ ਜਾਣ ਦਾ ਇਲਮ ਲਗਦਿਆਂ ਹੀ ਸਿਹਤ ਵਿਭਾਗ ਦੀ ਟੀਮ ਨੇ ਡਾਕਟਰ ਰਮਨ ਗੁਪਤਾ ਐਸ.ਐਮ.ਓ ਦੇ ਦਿਸ਼ਾ ਨਿਰਦੇਸ਼ਾ ਤੇ ਡਾ: ਰੇਖਾ ਭੱਟੀ ਮੈਡੀਕਲ ਅਫਸਰ ਦੀ ਅਗਵਾਈ ਹੇਠ ਗਰਭਵਤੀ ਮਹਿਲਾ ਦੇ ਪਰਿਵਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਦਾਈ ਦੇ ਘਰ ਪੁੱਜ ਕੇ ਗਰਭਵਤੀ ਨੂੰ ਉਸ ਦੀ ਸਿਹਤ ਅਤੇ ਹੋਣ ਵਾਲੇ ਬੱਚੇ ਦੀ ਸਿਹਤ ਪ੍ਰਤੀ ਸੁਹਿਰਦ ਕਰਦਿਆਂ ਜਿਥੇ ਤੁਰੰਤ ਸਰਕਾਰੀ ਹਸਪਤਾਲ ਵਿਖੇ 108 ਐਂਬੂਲੈਂਸ ਬੁਲਾ ਕੇ ਸ਼ਿਫ਼ਟ ਕਰਵਾਇਆ, ਉਥੇ ਦਾਈ ਨੂੰ ਸਿਹਤ ਅਮਲੇ ਨਾਲ ਸਹਿਯੋਗ ਕਰਨ ਦੀ ਹਦਾਇਤ ਕੀਤੀ ਤਾਂ ਜ਼ੋ ਘਰ ਵਿਚ ਜਨੇਪਾ ਨੂੰ ਰੋਕਿਆ ਜਾ ਸਕੇ। ਡਾਕਟਰ ਰੇਖਾ ਮੈਡੀਕਲ ਅਫਸਰ ਨੇ ਕਿਹਾ ਕਿ ਸਰਕਾਰਾਂ ਵੱਲੋਂ ਸਖਤ ਕਾਨੂੰਨ ਵੀ ਬਣਾਏ ਗਏ ਹਨ ਅਤੇ ਸਮੇਂ—ਸਮੇਂ ਤੇ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਵੀ ਕੀਤਾ ਜਾ ਰਿਹਾ ਹੈ, ਪਰ ਫਿਰ ਵੀ ਘਰ ਵਿਚ ਡਲੀਵਰੀਆਂ ਹੋ ਰਹੀਆਂ ਹਨ, ਜਿਸ ਨੂੰ ਰੋਕਣ ਲਈ ਸਿਹਤ ਅਮਲਾ ਤੱਤਪਰ ਹੈ। ਉਨ੍ਹਾਂ ਕਿਹਾ ਕਿ ਅੱਜ ਸਬੰਧਤ ਦਾਈ ਨੂੰ ਵੀ ਹਦਾਇਤ ਕੀਤੀ ਗਈ ਕਿ ਉਹ ਭਵਿੱਖ ਵਿਚ ਜੱਚਾ—ਬੱਚਾ ਦੀ ਸਿਹਤ ਨੂੰ ਦੇਖਦੇ ਹੋਏ ਕਦੇ ਵੀ ਘਰ ਵਿਚ ਡਲੀਵਰੀ ਨਾ ਕਰੇ।



## ਜੱਚਾ ਤੇ ਬੱਚਾ ਨੂੰ ਸੁਰੱਖਿਅਤ ਰੱਖਣਾ ਸਿਹਤ ਵਿਭਾਗ ਦਾ ਮੁਖ ਮੰਤਵ—ਡਾਕਟਰ ਰੇਖਾ

ਡਾ: ਰੇਖਾ ਭੱਟੀ ਨੇ ਇਸ ਮੌਕੇ ਦਸਿਆ ਕਿ ਸਿਹਤ ਨੂੰ ਧਿਆਨ ਵਿਚ ਰੱਖਦੇ ਹੋਏ ਜਿਥੇ ਸਰਕਾਰੀ ਹਸਪਤਾਲਾਂ ਵਿਚ ਮਾਹਿਰ ਡਾਕਟਰਾਂ ਵੱਲੋਂ ਗਰਭਵਤੀ ਔਰਤਾਂ ਦਾ ਮੁਫਤ ਇਲਾਜ਼ ਕੀਤਾ ਜਾਂਦਾ ਹੈ, ਉਥੇ ਪਿੰਡਾਂ ਵਿਚ ਕੰਮ ਕਰਦੇ ਡਾਕਟਰ ਅਤੇ ਪੈਰਾ ਮੈਡੀਕਲ ਸਟਾਫ ਸਮੇਤ ਆਸ਼ਾ ਵਰਕਰਾਂ ਵੱਲੋਂ ਸਮੇਂ—ਸਮੇਂ ਤੇ ਗਰਭਵਤੀ ਔਰਤ ਦੇ ਘਰ ਪੁੱਜ ਕੇ ਉਸ ਦੀ ਅਤੇ ਉਸਦੇ ਹੋਣ ਵਾਲੇ ਬੱਚੇ ਦੀ ਤੰਦਰੁਸਤੀ ਲਈ ਚੈਕਅਪ ਕਰਕੇ ਦਵਾਈਆਂ ਆਦਿ ਮੁਹਇਆ ਕਰਵਾਈਆਂ ਜਾਂਦੀਆਂ ਹਨ। ਡਾਕਟਰ ਰੇਖਾ ਭੱਟੀ ਮੈਡੀਕਲ ਅਫਸਰ ਨੇ ਕਿਹਾ ਕਿ ਅਜੋਕੇ ਸਮੇਂ ਵਿਚ ਭਾਵੇਂ ਲੋਕ ਆਪਣੇ ਪਰਿਵਾਰਾਂ ਪ੍ਰਤੀ ਪੂਰੀ ਤਰ੍ਹਾਂ ਸੁਹਿਰਦ ਹੋ ਚੁੱਕੇ ਹਨ, ਪਰ ਫਿਰ ਵੀ ਕਿਤੇ ਨਾ ਕਿਤੇ ਲੋਕ ਘਰ ਵਿਚ ਡਲੀਵਰ ਕਰਵਾਉਣ ਲਈ ਦਾਈ ਦੀ ਵਰਤੋਂ ਕਰ ਰਹੇ ਹਨ, ਜ਼ੋ ਜੱਚਾ ਅਤੇ ਬੱਚਾ ਦੋਵਾਂ ਲਈ ਖਤਰਨਾਕ ਸਾਬਿਤ ਹੋ ਸਕਦੀ ਹੈ। ਇਸ ਮੌਕੇ ਬੋਲਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਸਮੂਹ ਸਿਹਤ ਕੇਂਦਰਾਂ ਵਿਚ ਮਾਹਿਰ ਡਾਕਟਰਾਂ ਵੱਲੋਂ ਆਧੁਨਿਕ ਮਸ਼ੀਨਾਂ ਨਾਲ ਹਸਪਤਾਲ ਵਿਚ ਆਉਂਦੇ ਮਰੀਜਾਂ ਦਾ ਇਲਾਜ ਕੀਤਾ ਜਾਂਦਾ ਹੈ, ਡਲੀਵਰੀ ਕੇਸ ਬਾਰੇ ਵਿਚਾਰ ਸਾਂਝੇ ਕਰਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਜੱਚਾ—ਬੱਚਾ ਦੀ ਤੰਦਰੁਸਤੀ ਲਈ ਸਿਹਤ ਵਿਭਾਗ ਵੱਲੋਂ ਅਨੇਕਾਂ ਪ੍ਰਬੰਧ ਕੀਤੇ ਜਾਂਦੇ ਹਨ ਅਤੇ ਮਾਹਿਰ ਡਾਕਟਰਾਂ ਵੱਲੋਂ ਹਰ ਤਰ੍ਹਾਂ ਦੇ ਪ੍ਰਕੋਸ਼ਨ ਦੀ ਵਰਤੋਂ ਕਰਦੇ ਹੋਏ ਡਲੀਵਰੀ ਕੇਸ ਨੂੰ ਨੇਪਰੇ ਚਾੜਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਕੇਂਦਰ ਵਿਚ ਜਿਥੇ ਮਾਹਿਰ ਡਾਕਟਰਾਂ ਵੱਲੋਂ ਡਲੀਵਰੀ ਕੇਸ ਕੀਤੇ ਜਾਂਦੇ ਹਨ, ਉਥੇ ਗਰਭਵਤੀ ਔਰਤ ਦਾ ਸਮੇਂ—ਸਮੇਂ ਤੇ ਚੈਕਅਪ ਕਰਕੇ ਜ਼ਰੂਰਤ ਅਨੁਸਾਰ ਦਵਾਈਆਂ ਆਦਿ ਮੁਹਇਆ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਬੱਚੇ ਦੇ ਜਨਮ ਬਾਅਦ ਵੀ ਜੱਚਾ—ਬੱਚਾ ਦੀ ਤੰਦਰੁਸਤੀ ਲਈ ਸਿਹਤ ਵਿਭਾਗ ਵੱਲੋਂ ਜ਼ਰੂਰਤ ਅਨੁਸਾਰ ਵਸਤਾਂ ਮੁਹਇਆ ਕਰਵਾਉਣ ਦੇ ਨਾਲ—ਨਾਲ ਬੱਚੇ ਨੂੰ ਲੱਗਣ ਵਾਲੇ ਟੀਕਾਕਰਨ ਤੋਂ ਜਾਣੂ ਕਰਵਾਇਆ ਜਾਂਦਾ ਹੈ ਅਤੇ ਬੱਚੇ ਨੂੰ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਓ ਲਈ ਯਤਨ ਕੀਤੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਸੂਬਾ ਕੋਰ ਕਮੇਟੀ ਦੀ ਮੀਟਿੰਗ, 8 ਜੁਲਾਈ ਨੂੰ ਗੈਰ ਭਾਜਪਾਈ ਸੰਸਦ ਮੈਬਰਾਂ ਨੂੰ ਦਿੱਤੇ ਜਾਣਗੇ ਮੰਗ ਪੱਤਰ

# ਪ੍ਰੀਪੇਡ ਮੀਟਰ ਨੀਤੀ ਨੂੰ ਕੀਤਾ ਮੁੱਢ ਤੋਂ ਰੱਦ ਪਿੰਡਾਂ ਵਿੱਚ ਕੀਤਾ ਜਾਵੇਗਾ ਵਿਰੋਧ, ਨਵੀਂ ਕਨੂੰਨ ਪ੍ਰਣਾਲੀ ਲੋਕ ਵਿਰੋਧੀ



**ਜੰਡਿਆਲਾ ਗੁਰੂ, 2 ਜੁਲਾਈ (ਕੁਲਵੰਤ ਸਿੰਘ ਵਿਰਦੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾ ਕੋਰ ਕਮੇਟੀ ਦੀ ਮੀਟਿੰਗ ਜਥੇਬੰਦੀ ਦੇ ਮੁੱਖ ਦਫਤਰ ਵਿੱਚ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਦੀ ਅਗਵਾਈ ਵਿੱਚ ਕੀਤੀ ਗਈ। 11 ਘੰਟੇ ਦੇ ਕਰੀਬ ਚੱਲੀ ਮੈਰਾਥਨ ਚਰਚਾ ਤੋਂ ਬਾਅਦ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਵੱਲੋਂ ਪ੍ਰੈਸ ਨੋਟ ਜਾਰੀ ਕਰਕੇ ਦੱਸਿਆ ਗਿਆ ਕਿ ਮੀਟਿੰਗ ਵਿੱਚ ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਦੀ ਅਗਵਾਹੀ ਵਿੱਚ ਚਲ ਰਹੇ ਦਿੱਲੀ ਕਿਸਾਨ ਅੰਦੋਲਨ 2 ਵਿਚਲੀ ਕਾਰਗੁਜਾਰੀ ਅਤੇ ਆਉਂਦੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕਰਨ ਸਮੇਤ ਅਹਿਮ ਮੁੱਦਿਆਂ ਤੇ ਖੁੱਲ ਕੇ ਚਰਚਾ ਕੀਤੀ ਗਈ। ਓਹਨਾ ਦੱਸਿਆ ਕਿ ਮੋਰਚੇ ਨੂੰ ਹੋਰ ਵਿਆਪਕ ਕਰਨ ਅਤੇ ਵੱਧ ਤੋਂ ਵੱਧ ਕਿਸਾਨਾਂ ਮਜਦੂਰਾਂ ਅਤੇ ਆਮ ਪਬਲਿਕ ਨੂੰ ਮੋਰਚੇ ਦੀਆਂ ਮੰਗਾਂ ਪ੍ਰਤੀ ਜਾਗਰੂਕ ਕਰਨ ਅਤੇ ਮੋਰਚੇ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁਚਾਉਣ ਲਈ ਪ੍ਰੋਗਰਾਮ ਬਣਾਏ ਗਏ ਹਨ ਅਤੇ ਆਉਂਦੇ ਦਿਨਾਂ ਵਿੱਚ ਕਨਵੈਂਸ਼ਨਾਂ ਅਤੇ ਪਿੰਡ ਪੱਧਰੀ ਮੀਟਿੰਗਾਂ ਕਰਕੇ ਹੋਰ ਵੱਡੀਆਂ ਲਾਮਬੰਦੀਆਂ ਕੀਤੀਆਂ ਜਾਣਗੀਆਂ। ਓਹਨਾ ਕਿਹਾ ਕਿ ਸਰਕਾਰ ਨੇ ਬਿਜਲੀ ਐਕਟ 2023 ਧੱਕੇ ਨਾਲ ਲਾਗੂ ਕਰਨ ਦੀ ਕੋਸ਼ਿਸ਼ ਕਰਦੇ ਹੋਏ ਇਸ ਵਿੱਚਲੀ "ਖਪਤਕਾਰ ਦੀ ਸਹਿਮਤੀ ਤੋਂ ਬਿਨਾਂ ਪ੍ਰੀਪੇਡ ਮੀਟਰ ਨਾ ਲਗਾਏ ਜਾ ਸਕਣ" ਵਾਲੀ ਮਦ ਚੁੱਪ ਚਾਪ ਕੱਟ ਦਿੱਤੀ ਹੈ ਅਤੇ ਨਾਲ ਦੀ ਨਾਲ ਇਹ ਵੀ ਜ਼ਰੂਰੀ ਬਣਾ ਦਿੱਤਾ ਗਿਆ ਹੈ ਕਿ ਪੁਰਾਣੇ ਚੱਲ ਰਹੇ ਮੀਟਰ ਨਵੇਂ ਪ੍ਰੀਪੇਡ ਮੀਟਰਾਂ ਨਾਲ ਬਦਲੇ ਜਾਣ, ਇਹ ਲੋਕ ਵਿਰੋਧੀ, ਤਾਨਾਸ਼ਾਹੀ ਅਤੇ ਨੀਚਤਾ ਭਰਿਆ ਫੈਸਲਾ ਹੈ। ਓਹਨਾ ਕਿਹਾ ਕਿ ਜਥੇਬੰਦੀ ਵੱਲੋਂ ਇਹ ਪਹਿਲਾਂ ਤੋਂ ਹੀ ਬਿਜਲੀ ਸੋਧ ਬਿਲ 2023 ਨੂੰ ਰੱਦ ਕਰਨ ਲਈ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਚਲ ਰਹੇ ਅੰਦੋਲਨ ਦੀਆਂ ਮੰਗਾਂ ਵਿੱਚ ਵੀ ਇਹ ਮੰਗ ਸ਼ਾਮਿਲ ਹੈ। ਓਹਨਾ ਕਿਹਾ ਕਿ ਜਥੇਬੰਦੀ ਨੇ ਪਿੰਡਾਂ ਵਿੱਚ ਪ੍ਰੀਪੇਡ ਮੀਟਰ ਨਹੀਂ ਲੱਗਣ ਦਿੱਤੇ ਜਾਣਗੇ ਅਤੇ ਕਿਸੇ ਵੀ ਖਪਤਕਾਰ ਨਾਲ ਧੱਕੇਸ਼ਾਹੀ ਹੋਣ ਜਾਂ ਭਾਰੀ ਜੁਰਮਾਨੇ ਦੀ ਸੂਰਤ ਵਿੱਚ ਜਥੇਬੰਦੀ ਓਸ ਨਾਲ ਖੜੇਗੀ। ਓਹਨਾ ਕਿਹਾ ਕਿ ਅਗਰ ਸਰਕਾਰ ਇਸ ਨੀਤੀ ਤੇ ਰੋਕ ਨਹੀਂ ਲਗਾਉਂਦੀ ਤਾਂ ਐਕਸ਼ਨ ਪ੍ਰੋਗਰਾਮ ਕੀਤੇ ਜਾਣਗੇ। ਓਹਨਾ ਜਾਣਕਾਰੀ ਦਿੱਤੀ ਕਿ ਅੰਦੋਲਨ ਕਰ ਰਹੇ ਦੋਨਾਂ ਫੋਰਮਾਂ ਵੱਲੋਂ ਦਿੱਤੇ ਗਏ ਪ੍ਰੋਗਰਾਮ ਤਹਿਤ 8 ਜੁਲਾਈ ਨੂੰ ਗੈਰਭਾਜਪਾ ਸੰਸਦ ਮੈਬਰਾਂ ਨੂੰ ਅੰਦੋਲਨ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ ਅਤੇ ਨਾਲ ਹੀ ਇਹਨਾਂ ਮੁੱਦਿਆਂ ਨੂੰ ਸੰਸਦ ਦੇ ਪਟਲ ਤੋਂ ਪੂਰੀ ਦੁਨੀਆ ਸਾਹਮਣੇ ਉਭਾਰਨ ਲਈ ਆਵਾਜ਼ ਚੱਕਣ ਲਈ ਕਿਹਾ ਜਾਵੇਗਾ। ਓਹਨਾ ਕਿਹਾ ਜਿਸ ਤਰ੍ਹਾ ਭਾਜਪਾ ਦੀ ਪਿਛਲੀ ਸਰਕਾਰ ਵਿੱਚ ਕਰੋਨਾ ਕਾਲ ਦੌਰਾਨ ਤਿਆਰ ਆਈ. ਪੀ. ਸੀ. ਦੀਆਂ 511 ਧਰਾਵਾਂ ਦੀ ਜਗ੍ਹਾ 358 ਧਰਾਂਵਾ ਵਾਲੀ ਬੀ. ਐਨ. ਐਸ. ( ਭਾਰਤੀ ਨਿਆਂ ਸੰਹਿਤਾ) ਸੀ. ਆਰ. ਪੀ. ਸੀ. ਦੀ ਜਗ੍ਹਾ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਅਤੇ ਆਈ. ਈ. ਏ. ਦੀ ਜਗ੍ਹਾ ਭਾਰਤੀ ਸਾਕਸ਼ਆ ਅਧਿਨਿਜ਼ਮ ਕਨੂੰਨ ਨੂੰ ਲੋਕ ਦੇ ਪੱਖੀ ਬਣਾਉਣ ਦੇ ਨਾਮ ਹੇਠ ਪਹਿਲਾਂ ਦੇ ਬਸਤੀਵਾਦੀ ਕਨੂੰਨ ਤੋਂ ਵੀ ਖਤਰਨਾਕ ਬਣਾ ਦਿੱਤਾ ਗਿਆ ਜਿਸ ਨਾਲ ਪੁਲਿਸ ਨੂੰ ਬੇਤਹਾਸ਼ਾ ਵੱਧ ਤਾਕਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਲੋਕ ਹਿੱਤਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਲੋਕਾਂ ਖਿਲਾਫ ਬਿਨਾ ਸਿਰ ਪੈਰ ਦੇ ਕੇਸ ਦਰਜ ਕਰਨ ਦਾ ਰਾਹ2 ਪੱਧਰਾ ਕੀਤਾ ਗਿਆ ਹੈ। ਓਹਨਾ ਕਿਹਾ ਕਿ ਜਥੇਬੰਦੀ ਵੱਲੋਂ ਇਸ ਨਵੇਂ ਢਾਂਚੇ ਨੂੰ ਮੁੱਢੋਂ ਰੱਦ ਕੀਤਾ ਜਾਂਦਾ ਹੈ ਅਤੇ ਸਾਡੀ ਮੰਗ ਹੈ ਕਿ ਨੇ ਸਿਰਫ਼ ਇਸ ਪ੍ਰਣਾਲੀ ਨੂੰ ਵਾਪਿਸ ਲਿਆ ਜਾਵੇ ਬਲਕਿ ਪਹਿਲੇ ਕਾਨੂੰਨਾਂ ਵਿੱਚੋ ਵੀ ਲੋਕ ਦੇ ਅਧਿਕਾਰਾ ਦੇ ਰਾਹ ਵਿੱਚ ਰੋੜਾ ਅਟਕਾਉਣ ਵਾਲੇ ਕਾਨੂੰਨਾਂ ਨੂੰ ਖਤਮ ਕੀਤਾ ਜਾਵੇ। ਉਹਨਾਂ ਦੱਸਿਆ ਕਿ ਅਗਰ ਹਰਿਆਣਾ ਦੇ ਕਿਸਾਨ ਆਗੂ ਨਵਦੀਪ ਜਲਵੇੜਾ ਨੂੰ ਜਲਦ ਰਿਹਾਅ ਨਹੀਂ ਕੀਤਾ ਜਾਂਦਾ ਤਾਂ ਅੰਦੋਲਨ ਵੱਲੋਂ 18 ਜੁਲਾਈ ਨੂੰ ਐੱਸ ਪੀ ਦਫਤਰ ਅੰਬਾਲਾ ਦਾ ਘੇਰਾਓ ਕੀਤਾ ਜਾਵੇਗਾ। ਓਹਨਾ ਕਿਹਾ ਕਿ ਕੇਂਦਰ ਦੀ ਐਨ ਡੀ ਏ ਸਰਕਾਰ ਜਿੰਨੀ ਦੇਰ ਕਿਸਾਨ ਮਜ਼ਦੂਰ ਮੰਗਾਂ ਦੇ ਪੁਕਤਾ ਹੱਲ ਨਹੀਂ ਕਰਦੀ ਚੱਲ ਰਿਹਾ ਅੰਦੋਲਨ ਓਨੀ ਦੇਰ ਜਾਰੀ ਰਹੇਗਾ ਅਸੀਂ ਸਰਕਾਰ ਦਾ ਹਰ ਤਸ਼ੱਦਦ ਝੱਲਣ ਲਈ ਤਿਆਰ ਹਾਂ। ਇਸ ਮੌਕੇ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸਰਵਣ ਸਿੰਘ ਪੰਧੇਰ, ਸਵਿੰਦਰ ਸਿੰਘ ਚੁਤਾਲਾ, ਗੁਰਬਚਨ ਸਿੰਘ ਚੱਬਾ, ਹਰਵਿੰਦਰ ਸਿੰਘ ਮਸਾਣੀਆਂ, ਹਰਪ੍ਰੀਤ ਸਿੰਘ ਸਿੱਧਵਾਂ, ਹਰਜਿੰਦਰ ਸਿੰਘ ਸ਼ਕਰੀ, ਸਤਨਾਮ ਸਿੰਘ ਮਾਣੋਚਾਹਲ, ਜਰਮਨਜੀਤ ਸਿੰਘ ਬੰਡਾਲਾ, ਰਣਜੀਤ ਸਿੰਘ ਕਲੇਰ ਬਾਲਾ ਅਤੇ ਕੰਵਰਦਲੀਪ ਸੈਦੋਲੇਹਲ ਹਾਜ਼ਿਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਡਾਇਰੀਏ 'ਤੇ ਕੰਟਰੋਲ ਲਈ ਆਮ ਆਦਮੀ ਕਲੀਨਿਕਾਂ ਤੇ ਹੈਲਥ ਤੇ ਵੈਲਨੇਸ ਸੈਂਟਰਾਂ 'ਤੇ ਵੀ ਮਿਲਣਗੇ ਜਿੰਕ ਤੇ ਓ.ਆਰ.ਐਸ ਦੇ ਪੈਕੇਟ

## 300 ਤੋਂ ਵੱਧ ਪਿੰਡਾਂ ਦੇ ਬੱਚਿਆਂ ਨੂੰ ਆਂਗਣਵਾੜੀ ਵਰਕਰਜ਼ ਤੇ ਆਸ਼ਾ ਵਰਕਰਾਂ ਮੁਹਇਆ ਕਰਨਗੀਆਂ ਜਿੰਕ ਕੇ ਓ.ਆਰ.ਐਸ ਦੇ ਪੈਕੇਟ—ਡਾਕਟਰ ਰਮਨ ਗੁਪਤਾ



ਫ਼ਿਰੋਜ਼ਪੁਰ, 2 ਜੁਲਾਈ (ਮਨੋਹਰ ਲਾਲ) :— ਸਖਤ ਗਰਮੀ ਦੌਰਾਨ ਅਤੇ ਮੀਂਹ ਪੈਣ ਸਦਕਾ ਡਾਇਰੀਏ ਦੇ ਵੱਧ ਦੇ ਪ੍ਰਕੋਪ ਨੂੰ ਦੇਖਦਿਆਂ ਸਿਵਲ ਸਰਜ਼ਨ ਫਿਰੋਜ਼ਪੁਰ ਦੇ ਨਿਰਦੇਸ਼ਾਂ *ਤੇ ਡਾ: ਰਮਨ ਗੁਪਤਾ ਐਸ.ਐਮ.ਓ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਤੋਂ ਡਾਇਰੀਏ ਤੇ ਕੰਟਰੋਲ ਲਈ ਮੁਹਿੰਮ ਦਾ ਅਗਾਜ਼ ਹੋਇਆ। ਮਾਹਿਰਾਂ ਨੇ ਦੱਸਿਆ ਕਿ ਡਾਇਰੀਏ ਨਾਲ ਦੇਸ਼ ਵਿੱਚ ਹਰ ਸਾਲ ਲਗਭਗ 62 ਹਜ਼ਾਰ ਹੋਣ ਵਾਲੀਆਂ 0 ਤੋਂ 5 ਦੇ ਬੱਚਿਆਂ ਦੀ ਮੌਤ ਦਰ ਨੂੰ ਘਟਾਉਣ ਦੇ ਮੰਤਵ ਨੂੰ ਲੈ ਕੇ ਇਸ ਮੁਹਿੰਮ ਦੀ ਸੀ.ਐਚ.ਸੀ ਮਮਦੋਟ ਤੋਂ ਸ਼ੁਰੂਆਤ ਕਰਦਿਆਂ ਡਾਕਟਰ ਰੇਖਾ ਅਤੇ ਅੰਕੁਸ਼ ਭੰਡਾਰੀ ਬੀ.ਈ.ਈ ਨੇ ਜਿਥੇ ਸਮੂਹ ਸਟਾਫ, ਆਂਗਣਵਾੜੀ ਵਰਕਰਜ਼ ਤੇ ਡਾਕਟਰਾਂ ਨੂੰ ਕੈਂਪ ਲਗਾ ਲੋਕਾਂ ਨੂੰ ਡਾਇਰੀਏ ਬਾਰੇ ਜਾਗਰੂਕ ਤੇ ਇਲਾਜ ਕਰਨ ਦੇ ਨਿਰਦੇਸ਼ ਦਿੱਤੇ, ਉਥੇ ਆਸ਼ਾ ਵਰਕਰਾਂ ਤੇ ਏ.ਐਨ.ਐਮ ਨੂੰ ਪਿੰਡ—ਪਿੰਡ, ਘਰ—ਘਰ ਤੱਕ ਪਹੰਚ ਕਰਕੇ ਜਿੰਕ ਤੇ ਓ.ਆਰ.ਐਸ ਦੇ ਪੈਕੇਟ ਦੇਣ ਦੇ ਨਿਰਦੇਸ਼ ਜਾਰੀ ਕੀਤੇ ਤਾਂ ਜੋ ਬੱਚੇ ਡਾਇਰੀਏ ਦੇ ਪ੍ਰਕੋਪ ਤੋਂ ਬਚ ਸਕਣ। ਉਨ੍ਹਾਂ ਕਿਹਾ ਕਿ ਸੀ.ਐਚ.ਸੀ ਮਮਦੋਟ ਅਧੀਨ ਆਮ ਆਦਮੀ ਕਲੀਨਿਕਾਂ ਤੇ ਹੈਲਥ ਤੇ ਵੈਲਨੇਸ ਸੈਂਟਰਾਂ *ਤੇ ਵੀ ਲੋਕਾਂ ਤੱਕ ਜਿੰਕ ਤੇ ਓ.ਆਰ.ਐਸ ਦੇ ਪੈਕੇਟ ਪਹੁੰਚਾਉਣ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਡਾ: ਰੇਖਾ ਮੈਡੀਕਲ ਅਫਸਰ ਮਮਦੋਟ, ਮੈਡਮ ਪਰਮਿੰਦਰ ਸੀ.ਐਚ.ਓ ਨੇ ਦੱਸਿਆ ਕਿ ਗਰਮੀ ਦੇ ਦਿਨਾਂ ਵਿਚ ਡਾਇਰੀਏ ਫੈਲਣ ਦੇ ਆਸਾਰ ਬਣ ਜਾਂਦੇ ਹਨ ਅਤੇ ਇਹ ਜਾਨਲੇਵਾ ਬਿਮਾਰੀ ਦੀ ਰੋਕਥਾਮ ਲਈ ਜਿੰਕ ਤੇ ਓ.ਆਰ.ਐਸ ਦੇ ਪੈਕੇਟ ਵਾਲਾ ਪਾਣੀ 0 ਤੋਂ 5 ਸਾਲ ਦੇ ਬੱਚੇ ਲਈ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਹਰ ਸਾਲ ਕਰੀਬ 62 ਹਜ਼ਾਰ ਤੋਂ ਵੱਧ ਬੱਚਿਆਂ ਦੀ ਮੌਤ ਇਸ ਖਤਰਨਾਕ ਬੀਮਾਰੀ ਨਾਲ ਹੋ ਜਾਂਦੀ ਹੈ ਅਤੇ ਇਸ ਮੁਹਿੰਮ ਦਾ ਮੁੱਖ ਮਕਸਦ ਬੱਚਿਆਂ ਦੀ ਮੌਤ ਦਰ ਨੂੰ ਘਟਾਉਣਾ ਹੈ।

ਇਸ ਮੌਕੇ ਬੋਲਦਿਆਂ ਸ੍ਰੀ ਅੰਕੁਸ਼ ਭੰਡਾਰੀ ਬੀ.ਈ.ਈ ਨੇ ਕਿਹਾ ਕਿ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਵੱਲੋਂ ਆਪਣੇ ਇਲਾਕੇ ਅਧੀਨ ਆਉਂਦੇ 300 ਤੋਂ ਵੱਧ ਪਿੰਡਾਂ ਵਿਚ 0 ਤੋਂ 5 ਸਾਲ ਦੇ ਬੱਚਿਆਂ ਨੂੰ ਜਿੰਕ ਤੇ ਓ.ਆਰ.ਐਸ ਦੇ ਪੈਕੇਟ ਸਪਲਾਈ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਡਾਇਰੀਆ ਇਕ ਜਾਨਲੇਵਾ ਬਿਮਾਰੀ ਹੈ ਅਤੇ ਇਸ ਮੁਹਿੰਮ ਦਾ ਮੁੱਖ ਮਕਸਦ ਡਾਇਰੀਏ ਨਾਲ ਹੋਣ ਵਾਲੀਆਂ ਮੌਤਾਂ ਦੀ ਦਰ ਨੂੰ ਘਟਾਉਣਾ ਹੈ ਤਾਂ ਜੋ ਇਲਾਕੇ ਦੇ ਲੋਕ ਡਾਇਰੀਏ ਦੀ ਗ੍ਰਿਫਤ ਵਿਚ ਨਾ ਆਉਣ। ਸ੍ਰੀ ਅੰਕੁਸ਼ ਭੰਡਾਰੀ ਬੀ.ਈ.ਈ ਨੇ ਕਿਹਾ ਕਿ ਸੀ.ਐਚ.ਸੀ ਮਮਦੋਟ ਸਮੇਤ 5 ਆਮ ਆਦਮੀ ਕਲੀਨਿਕਾਂ ਤੇ 33 ਹੈਲਥ ਤੇ ਵੈਲਨੇਸ ਸੈਂਟਰਾਂ ਵਿਚ ਪੋਸਟਰ, ਬੈਨਰ ਅਤੇ ਹੋਰਡਿੰਗ ਲਗਾ ਕੇ ਲੋਕਾਂ ਨੂੰ ਇਸ ਬਿਮਾਰੀ ਦੇ ਲੱਛਣਾਂ ਬਾਰੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਬੱਚਾ ਉਲਟੀਆਂ ਅਤੇ ਦਸਤ ਨਾਲ ਪੀੜਤ ਹੈ ਤਾਂ ਉਸ ਨੂੰ ਤੁਰੰਤ ਨੇੜਲੇ ਸਰਕਾਰੀ ਹਸਪਤਾਲ ਤੱਕ ਲਿਆਂਦਾ ਜਾਵੇ ਤਾਂ ਜੋ ਉਸਦਾ ਸਹੀ ਇਲਾਜ ਹੋ ਸਕੇ। ਇਸ ਮੌਕੇ ਅਮਰਜੀਤ, ਮਹਿੰਦਰਪਾਲ, ਸਤਿੰਦਰ ਐਮ.ਪੀ.ਐਚ.ਡਬਲਯੂ ਮੇਲ, ਮੈਡਮ ਆਸ਼ੂ ਸ਼ਰਮਾ, ਪਰਮਿੰਦਰ ਕੌਰ ਸੀ.ਐਚਓ, ਸੋਮਾ ਏ.ਐਨ.ਐਮ, ਰਿਚਾਰਡ, ਰਜਤ ਨੰਦਾ ਫਾਰਮੇਸੀ ਅਫਸਰ, ਸਰਬਜੀਤ ਕੌਰ ਅਤੇ ਗੁਰਵਿੰਦਰ ਕੌਰ ਸਟਾਫ ਨਰਸ ਸਮੇਤ ਪੈਰਾ ਮੈਡੀਕਲ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੀ.ਬੀ.ਜੀ ਵੈਲਫੇਅਰ ਕਲੱਬ ਕੋਟਕਪੂਰਾ ਵੱਲੋਂ ਖੂਨਦਾਨ ਕੈਂਪ ਲਾਇਆ





ਫ਼ਿਰੋਜ਼ਪੁਰ, 2 ਜੁਲਾਈ (ਮਨੋਹਰ ਲਾਲ) :— ਪੀ.ਬੀ.ਜੀ ਵੈਲਫੇਅਰ ਕਲੱਬ ਕੋਟਕਪੂਰਾ ਵੱਲੋਂ ਖੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਲੋਕ ਸਭਾ ਹਲਕਾ ਫ਼ਰੀਦਕੋਟ ਦੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਨੇ ਆਪਣੇ ਕਰ ਕਮਲਾਂ ਨਾਲ ਖੂਨਦਾਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਤੇ ਭਾਈ ਸੁਖਜਿੰਦਰ ਸਿੰਘ ਹਰਦਿਆਲੇਆਣਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਇੰਟਰਨੈਸ਼ਨਲ ਪੰਥਕ ਦਲ, ਭਾਈ ਗੁਰਸੇਵਕ ਸਿੰਘ ਜਵਾਹਰਕੇ, ਭਾਈ ਅਮਰੀਕ ਸਿੰਘ ਭੋਲੂ ਵਾਲਾ ਸਰਕਲ ਪ੍ਰਧਾਨ ਵੀ ਹਾਜ਼ਰ ਹੋਏ। ਇਸ ਮੌਕੇ ਤੇ ਲੋਕ ਸਭਾ ਹਲਕਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਖਾਲਸਾ ਨੇ ਬੋਲਦਿਆਂ ਕਿਹਾ ਕਿ ਪੀ.ਬੀ.ਜੀ ਵੈਲਫੇਅਰ ਕਲੱਬ ਕੋਟਕਪੂਰਾ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਖੂਨਦਾਨ ਕਰਨਾ ਚਾਹੀਦਾ ਹੈ, ਖੂਨਦਾਨ ਨਾਲ ਕਿਸੇ ਮਰੀਜ ਦੀ ਅਸੀਂ ਜਾਨ ਬਚਾ ਸਕਦੇ ਹਾਂ, ਸਾਨੂੰ ਇਹੋ ਜਿਹੇ ਲੋਕ ਭਲਾਈ ਦੇ ਕੰਮ ਕਰਨੇ ਚਾਹੀਦੇ ਹਨ। ਇਸ ਮੌਕੇ ਤੇ ਉਨ੍ਹਾਂ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਭਾਈ ਸੁਖਜਿੰਦਰ ਸਿੰਘ ਹਰਦਿਆਲੇਆਣਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

4 ਜੁਲਾਈ 1955 ਦੇ ਸਾਕੇ ਦੀ 69ਵੀਂ ਵਰ੍ਹੇਗੰਢ 'ਤੇ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ 4 ਜੁਲਾਈ ਨੂੰ



**ਅੰਮ੍ਰਿਤਸਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-69 ਸਾਲ ਪਹਿਲਾਂ ਭਾਰਤੀ ਹਕੂਮਤ ਵੱਲੋਂ ਸ੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ, ਸਿੱਖ ਆਗੂਆਂ ਦੀਆਂ ਹੋਈਆਂ ਗ੍ਰਿਫਤਾਰੀਆਂ ਅਤੇ ਸਿੱਖ ਸੰਗਤ 'ਤੇ ਹੋਏ ਜ਼ਬਰ ਅਤੇ ਜ਼ੁਲਮ ਬਾਰੇ ਹਰੇਕ ਸਿੱਖ ਅਤੇ ਪੰਜਾਬ ਵਾਸੀਆਂ ਨੂੰ ਪੂਰੀ ਤਰ੍ਹਾਂ ਜਾਣੂ ਹੋਣਾ ਚਾਹੀਦਾ ਹੈ।ਸਿੱਖਾਂ ਅਤੇ ਪੰਜਾਬ ਵਾਸੀਆਂ ਨੂੰ ਅਹਿਸਾਸ ਹੋਣਾ ਚਾਹੀਦਾ ਹੈ ਕਿ 69 ਸਾਲ ਪਹਿਲਾਂ ਭਾਰਤ ਨੇ ਕਿਵੇ ਸਿੱਖਾਂ ਦੀਆ

ਹੱਕੀ ਮੰਗਾਂ ਨੂੰ ਕੁਚਲ ਦਿੱਤਾ ਸੀ। 1947 ਵੇਲੇ ਹਿੰਦੁਸਤਾਨ ਦੇ ਮੋਹਰੀ ਲੀਡਰ ਗਾਂਧੀ, ਨਹਿਰੂ ਅਤੇ ਪਟੇਲ ਨੇ ਕਿਹਾ ਕਿ ਅਸੀਂ ਸਿੱਖਾਂ ਨੂੰ ਆਜ਼ਾਦ ਭਾਰਤ ਵਿਚ ਪੰਜਾਬੀ ਬੋਲਦੇ ਇਲਾਕੇ ਦਿਆਂਗੇ, ਕੋਈ ਵੀ ਅਜਿਹਾ ਕਾਨੂੰਨ ਨਹੀਂ ਬਣਾਵਾਂਗੇ ਜਿਸ ਨਾਲ ਸਿੱਖਾਂ ਦੇ ਮਨਾਂ ਨੂੰ ਠੇਸ ਪਹੁੰਚਦੀ ਹੋਵੇ। ਪਰ ਇਨ੍ਹਾਂ ਨੇ ਸਿੱਖਾਂ ਨੂੰ ਨੂੰ ਪੰਜਾਬੀ ਖਿੱਤਾ ਤਾਂ ਕੀ ਦੇਣੇ ਸੀ ਸਗੋਂ ਪੰਜਾਬੀ ਸੂਬਾ ਜ਼ਿੰਦਾਬਾਦ ਦੇ ਨਾਅਰੇ 'ਤੇ ਵੀ ਪਾਬੰਦੀ ਲਗਾ ਦਿੱਤੀ ਗਈ। ਜਦ ਸਿੱਖਾਂ ਨੂੰ ਸਾਰੀ ਗੱਲ ਸਮਝ ਆਈ ਤਾਂ ਪੰਜਾਬੀ ਸੂਬਾ ਮੋਰਚੇ ਦੀ ਆਰੰਭਤਾ ਹੋਈ, ਜਿਸ ਮੋਰਚੇ ਨੂੰ ਕਿ ਭਾਰਤ ਸਟੇਟ ਉੱਕਾ ਹੀ ਸਹਿਣ ਕਰਨ ਲਈ ਰਾਜ਼ੀ ਨਹੀਂ ਸੀ ਅਤੇ ਭਾਰਤ ਸਟੇਟ ਨੇ ਸੁਰੱਖਿਆ ਫੋਰਸਾਂ ਨਾਲ ਸ਼੍ਰੀ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਸਹਿਬ ਵਿਖੇ ਹਮਲਾ ਕਰ ਦਿੱਤਾ ਜਿਸ ਵਿਚ ਸ਼੍ਰੀ ਦਰਬਾਰ ਸਾਹਿਬ ਜੀ ਦੀ ਪਰਿਕਰਮਾ ਵਿਚ ਅੱਥਰੂ ਗੈਸ ਦੇ ਅਣਗਿਣਤ ਗੋਲ਼ੇ ਸੁੱਟੇ ਗਏ, ਭਾਰਤੀ ਸੁਰੱਖਿਆ ਫੋਰਸਾਂ ਵਲੋਂ ਸ਼੍ਰੀ ਦਰਬਾਰ ਸਾਹਿਬ ਜੀ ਦੀ ਮਰਿਆਦਾ ਭੰਗ ਕੀਤੀ ਗਈ, ਭਾਰਤੀ ਸੁਰੱਖਿਆ ਬਲਾਂ ਦੇ ਦਸਤੇ ਬੂਟਾਂ ਸਮੇਤ ਪਰਿਕਰਮਾ ਵਿਚ ਦਾਖਲ ਹੋਏ, ਸ਼੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਵਾਹਰਕਿਸ਼ਨ ਸਿੰਘ ਜੀ, ਅਕਾਲੀ ਦਲ ਦੇ ਪ੍ਰਧਾਨ ਮਾਸਟਰ ਤਾਰਾ ਸਿੰਘ ਜੀ ਅਤੇ ਹੋਰ ਕਈ ਸਿੱਖ ਆਗੂਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਇਕੱਠੀ ਹੋਈ ਸਿੱਖ ਸੰਗਤਾਂ 'ਤੇ ਅੰਨ੍ਹੇਵਾਹ ਲਾਠੀਚਾਰਜ ਕੀਤਾ ਗਿਆ, ਅੱਥਰੂ ਗੈਸ ਦੇ ਗੋਲ਼ੇ ਸੁੱਟੇ ਗਏ ਜਿਸ ਦੌਰਾਨ ਕਈ ਸਿੱਖ ਸ਼ਹੀਦ ਹੋ ਗਏ ਅਤੇ ਹਜ਼ਾਰਾਂ ਸਿੱਖ ਜ਼ਖ਼ਮੀ ਹੋ ਗਏ, ਫੋਰਸਾਂ ਵਲੋਂ ਸ਼੍ਰੀ ਗੁਰੂ ਰਾਮਦਾਸ ਲੰਗਰ ਬੰਦ ਕਰਵਾ ਦਿੱਤਾ ਗਿਆ, ਪੰਜਾਬੀ ਪ੍ਰੈੱਸ ਵੀ ਬੰਦ ਕਰ ਦਿੱਤੀ ਗਈ।

ਭਾਰਤ ਸਟੇਟ ਵਲੋਂ ਸਿੱਖਾਂ 'ਤੇ ਕੀਤੇ ਇਸ ਭਾਰੀ ਕਹਿਰ ਨੂੰ ਯਾਦ ਰੱਖਦਿਆਂ ਆਵਾਜ਼ ਏ ਕੌਮ ਜਥੇਬੰਦੀ ਵਲੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਜੀ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ ਜਿਸਦੇ ਭੋਗ 4 ਜੁਲਾਈ 2024 ਦਿਨ ਵੀਰਵਾਰ ਨੂੰ ਸਵੇਰੇ 7 ਵਜੇ ਪਾਏ ਜਾਣਗੇ। ਸਿੱਖ ਸੰਗਤਾਂ ਨੂੰ ਆਪਣਾ ਪੰਥਕ ਫਰਜ਼ ਅਤੇ ਜ਼ਿੰਮੇਵਾਰੀ ਸਮਝਦੇ ਹੋਏ ਪਹੁੰਚਣ ਦੀ ਬੇਨਤੀ ਕਰਦੇ ਹਾਂ। ਇਸ ਮੌਕੇ ਆਵਾਜ਼ ਏ ਕੌਮ ਦੇ ਪ੍ਰਧਾਨ ਮਨਜੀਤ ਸਿੰਘ ਕਰਤਾਰਪੁਰ, ਨੋਬਲਜੀਤ ਸਿੰਘ ਬੁੱਲ੍ਹੋਵਾਲ, ਰਣਵੀਰ ਸਿੰਘ ਬੈਂਸਤਾਨੀ,ਜੱਥੇਦਾਰ ਗੁਰਦੀਪ ਸਿੰਘ ਗੜ੍ਹ ਬਾਬਾ ਕੇਬਲ ਸਿੰਘ, ਅਵਤਾਰ ਸਿੰਘ ਜਲੰਧਰ, ਆਦਿ ਹਾਜ਼ਰ ਸਨ।

ਭੁੱਲੇ ਭਟਕੇ ਬਾਕੀ ਪਰਿਵਾਰਾਂ ਨੂੰ ਸਿੱਖ ਧਰਮ ਵਿੱਚ ਆਉਣ ਦੀ ਅਪੀਲ

# ਸ਼੍ਰੋਮਣੀ ਕਮੇਟੀ ਦੇ ਉਦਮ ਸਦਕਾ ਈਸਾਈ ਮਤ ਨੂੰ ਤਿਆਗ ਕੇ ਮੁੜ ਸਿੱਖ ਧਰਮ ਵਿੱਚ ਸ਼ਾਮਲ ਹੋਏ ਪਰਿਵਾਰ



**ਬਰਨਾਲਾ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਸਮੇਂ ਦੌਰਾਨ ਕੁਝ ਪਰਿਵਾਰਾਂ ਨੇ ਭਟਕ ਕੇ ਈਸਾਈ ਮਤ ਧਾਰਨ ਕਰ ਲਿਆ ਸੀ ਲੇਕਿਨ ਅੱਜ ਓਹ ਪਰਿਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਦਮ ਸਦਕਾ ਮੁੜ ਸਿੱਖ ਧਰਮ ਵਿੱਚ ਸ਼ਾਮਲ ਹੋਏ ਹਨ। ਵਾਪਸ ਆਏ ਪਰਿਵਾਰਾਂ ਦੀ ਇਕੱਤਰਤਾ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਵਿਖੇ ਕੀਤੀ ਗਈ। ਇਸ ਸਮੇਂ ਉਨ੍ਹਾਂ ਪਰਿਵਾਰਾਂ ਵਿੱਚੋਂ ਲਖਵਿੰਦਰ ਸਿੰਘ ਨੇ ਬੋਲਦਿਆ ਕਿਹਾ ਕਿ ਸਾਡੇ ਪਰਿਵਾਰਾਂ ਨੇ ਗੁੰਮਰਾਹ ਹੋ ਕੇ ਈਸਾਈ ਮਤ ਧਾਰਨ ਕਰ ਲਿਆ ਸੀ ਜੋ ਸਾਡੀ ਬਹੁਤ ਵੱਡੀ ਭੁੱਲ ਸੀ। ਪਰ ਅੱਜ ਅਸੀਂ ਆਪਣੇ ਪੁਰਖਿਆਂ ਦੇ ਧਰਮ 'ਸਿੱਖ ਧਰਮ' ਵਿੱਚ ਮੁੜ ਪਰਤੇ ਹਾਂ, ਪੰਥ ਸਾਨੂੰ ਆਪਣੇ ਵਿੱਚ ਸ਼ਾਮਲ ਕਰੇ। ਮੈਂ ਬਾਕੀ ਵੀ ਭੁੱਲੇ ਭਟਕੇ ਵੀਰਾਂ ਨੂੰ ਬੇਨਤੀ ਕਰਦਾ ਹਾਂ ਕਿ ਜੋ ਵੀ ਪਖੰਡਵਾਦ ਦੇ ਪਿੱਛੇ ਲੱਗ ਕੇ ਆਪਣੇ ਧਰਮ ਨੂੰ ਛੱਡ ਕੇ ਗਏ ਹਨ ਓਹ ਵਾਪਸ ਘਰ ਪਰਤੀ ਕਰਨ।

ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਦੇ ਮੈਨੇਜਰ ਸ.ਸੁਰਜੀਤ ਸਿੰਘ ਠੀਕਰੀਵਾਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵਾਪਸ ਆਏ ਇਨ੍ਹਾਂ ਪਰਿਵਾਰਾਂ ਦਾ ਸਵਾਗਤ ਕਰਦੀ ਹੈ। ਇਸ ਸਮੇਂ ਈਸਾਈ ਮਤ ਨੂੰ ਤਿਆਗ ਕੇ ਵਾਪਸ ਪਰਤੇ ਸਾਰੇ ਪਰਿਵਾਰਾਂ ਨੇ ਗੁਰੂ ਸਿਧਾਂਤ ਅਨੁਸਾਰ ਚੱਲਣ ਦਾ ਪ੍ਰਣ ਲਿਆ।

# ਵੈਟਰਨਰੀ ਇੰਸਪੈਕਟਰ 7 ਜੁਲਾਈ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਦਾ ਕਰਨਗੇ ਘਰਾਓ



**ਅੰਮ੍ਰਿਤਸਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਦੀ ਤਹਿਸੀਲ ਕਮੇਟੀ ਅਟਾਰੀ ਦੀ ਹੰਗਾਮੀ ਮੀਟਿੰਗ ਤਹਿਸੀਲ ਪ੍ਰਧਾਨ ਮਨਪ੍ਰੀਤ ਸਿੰਘ ਬਾਜਵਾ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ ਹੋਈ ਜਿਸ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੈਰੋ ਉਚੇਚੇ ਤੌਰ ਤੇ ਹਾਜ਼ਰ ਹੋਏ। ਮੀਟਿੰਗ ਦੇ ਵੇਰਵੇ ਪ੍ਰੈਸ ਨੂੰ ਜਾਰੀ ਕਰਦਿਆਂ ਤਹਿਸੀਲ ਜਨਰਲ ਸਕੱਤਰ ਗੁਰਕੀਰਤ ਸਿੰਘ ਨੇ ਦੱਸਿਆ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ 7 ਜੁਲਾਈ ਨੂੰ ਜਲੰਧਰ ਵਿਖੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਵੈਟਰਨਰੀ ਇੰਸਪੈਕਟਰ ਕੇਡਰ ਪਿਛਲੇ ਲੰਬੇ ਸਮੇਂ ਤੋਂ ਸਰਕਾਰ ਦੀ ਅਣਦੇਖੀ ਦਾ ਸ਼ਿਕਾਰ ਹੈ। ਪਸ਼ੂ ਪਾਲਣ ਵਿਭਾਗ ਦੀ ਰੀੜ ਦੀ ਹੱਡੀ ਵਜੋਂ ਜਾਣਿਆਂ ਜਾਂਦਾ ਵੈਟਨਰੀ ਇੰਸਪੈਕਟਰ ਕੇਡਰ ਪੰਜਾਬ ਸਰਕਾਰ ਅਤੇ ਪਸ਼ੂ ਪਾਲਣ ਵਿਭਾਗ ਅਫਸਰਸ਼ਾਹੀ ਦੇ ਮੁਲਾਜਮ ਵਿਰੋਧੀ ਰਵੱਈਏ ਤੋਂ ਬੁਰੀ ਤਰਾਂ ਪ੍ਰੇਸ਼ਾਨ ਹੈ। ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰਜ ਐਸੋਸੀਏਸ਼ਨ ਵੱਲੋਂ ਸਰਕਾਰ ਨੂੰ ਵਾਰ ਵਾਰ ਮੰਗ ਪੱਤਰ ਭੇਜਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਨੇ ਵੈਟਰਨਰੀ ਇੰਸਪੈਕਟਰ ਕੇਡਰ ਨਾਲ ਪਿਛਲੇ ਦੋ ਸਾਲਾਂ ਵਿੱਚ ਇੱਕ ਵਾਰ ਵੀ ਪੈਨਲ ਮੀਟਿੰਗ ਤੱਕ ਕਰਨੀ ਵਾਜਿਬ ਨਹੀ ਸਮਝੀ। ਪੰਜਾਬ ਸਰਕਾਰ ਵੈਟਰਨਰੀ ਇੰਸਪੈਕਟਰ ਕੇਡਰ ਦੀਆਂ ਪੇਅ ਅਨਾਮਲੀ, ਐਡਹਾਕ ਦੀ ਸਰਵਿਸ ਨੂੰ ਰੈਗੂਲਰ ਸਰਵਿਸ ਮੰਨਣ ਅਤੇ ਰੀਸਟਰੱਕਚਰਿੰਗ ਦੌਰਾਨ ਤਹਿਸੀਲ ਪੱਧਰ ਤੇ ਬਣਾਏ ਸੀਨੀਅਰ ਵੈਟਰਨਰੀ ਇੰਸਪੈਕਟਰ ਦੀ ਪੋਸਟ ਨੂੰ ਪ੍ਰਮੋਸ਼ਨ ਦੀ ਥਾਂ ਪਲੇਸਮੈਂਟ ਮੰਨਣ, ਜ਼ਿਲ੍ਹਾ ਵੈਟਰਨਰੀ ਇੰਸਪੈਕਟਰ ਨੂੰ ਬਣਦੇ ਸਕੇਲ ਦੀ ਥਾਂ ਘੱਟ ਸਕੇਲ ਦੇਣ, ਨਵੀਂ ਭਰਤੀ ਦੌਰਾਨ ਘੱਟ ਤਨਖਾਹ ਦੇਣ, ਵੈਟਨਰੀ ਇੰਸਪੈਕਟਰ ਕੇਡਰ ਦੀ ਰਜਿਟ੍ਰੇਸ਼ਨ ਕੌਂਸਲ ਬਣਾਉਣ, ਜ਼ਿਲ੍ਹਾ ਪ੍ਰੀਸ਼ਦ ਵਿੱਚ ਗਈਆਂ 582 ਪੋਸਟਾਂ ਬਹਾਲ ਕਰਨ ਤੇ ਖਾਲੀ ਅਸਾਮੀਆਂ ਭਰਨ ਵਰਗੀਆਂ ਹੱਕੀ ਅਤੇ ਜਾਇਜ ਮੰਗਾਂ ਮੰਨਣ ਤੋਂ ਇਨਕਾਰੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਸਮੁੱਚੇ ਮੁਲਾਜਮ ਵਰਗ ਨੇ ਆਮ ਆਦਮੀ ਪਾਰਟੀ ਨੂੰ ਮੁਲਾਜਮ ਵਰਗ ਦੀ ਹਮਾਇਤੀ ਮੰਨ ਕਿ ਇਸ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਡਟ ਕਿ ਮਦਦ ਕੀਤੀ। ਸਮੁੱਚੇ ਮੁਲਾਜਮ ਵਰਗ ਨੂੰ ਮੌਜੂਦਾ ਸਰਕਾਰ ਤੋਂ ਵੱਡੀਆਂ ਉਮੀਦਾਂ ਸਨ ਪ੍ਰੰਤੂ ਪਿਛਲੇ ਦੋ ਸਾਲਾਂ ਦੇ ਅੰਦਰ ਮੌਜੂਦਾ ਸਰਕਾਰ ਨੇ ਮੁਲਾਜਮ ਵਰਗ ਨੂੰ ਪੂਰੀ ਤਰਾਂ ਅਣਦੇਖਿਆ ਕੀਤਾ ਹੈ। ਮੁਲਾਜਮ ਵਰਗ ਦੀਆਂ ਸਾਝੀਆਂ ਮੰਗਾਂ ਨੂੰ ਪੂਰੀ ਤਰਾਂ ਨੁੱਕਰੇ ਲਾ ਦਿੱਤਾ ਗਿਆ ਹੈ।ਪੰਜਾਬ ਸਰਕਾਰ ਦੀ ਇਸ ਨੀਤੀ ਦੇ ਖਿਲਾਫ ਵੈਟਰਨਰੀ ਇੰਸਪੈਕਟਰਜ ਕੇਡਰ ਵਿੱਚ ਪੂਰੀ ਤਰਾਂ ਰੋਸ ਦੀ ਲਹਿਰ ਹੈ।ਸਰਕਾਰ ਦੀ ਇਸ ਮੁਲਾਜਮ ਮਾਰੂ ਨੀਤੀ ਦੇ ਵਿਰੋਧ ਵਿਚ ਪੰਜਾਬ ਦੇ ਵੈਟਨਰੀ ਇੰਸਪੈਕਟਰ 7 ਜੁਲਾਈ ਨੂੰ ਜਲੰਧਰ ਵਿਖੇ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਘੇਰਨਗੇ ਜਿਸ ਵਿੱਚ ਅਟਾਰੀ ਤਹਿਸੀਲ ਤੋਂ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਿਲ ਹੋਣਗੇ। ਜੇਕਰ ਪੰਜਾਬ ਸਰਕਾਰ ਨੇ ਵੈਟਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਮਸਲਿਆਂ ਦਾ ਨਿਪਟਾਰਾ ਨਾ ਕੀਤਾ ਤਾਂ ਜਲੰਧਰ ਜਿਮਨੀ ਚੋਣ ਵਿੱਚ ਡੋਰ ਟੂ ਡੋਰ ਜਾ ਕੇ ਪੰਜਾਬ ਸਰਕਾਰ ਦੀਆਂ ਮੁਲਾਜਮ ਮਾਰੂ ਨੀਤੀਆਂ ਦਾ ਪਰਦਾਫਾਸ਼ ਕੀਤਾ ਜਾਵੇਗਾ ਅਤੇ ਮੁੱਖ ਮੰਤਰੀ ਦੀ ਜਲੰਧਰ ਵਿਚਲੀ ਰਿਹਾਇਸ਼ ਅੱਗੇ ਲਗਾਤਾਰ ਵਿਰੋਧ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੀਟਿੰਗ ਵਿੱਚ ਸਰਬਜੀਤ ਸਿੰਘ ਮੀਰਾਕੋਟ, ਸੁਖਪਾਲ ਸਿੰਘ ਮਾਨ, ਰਜਤ ਮੰਗੋਤਰਾ, ਬਲਵਿੰਦਰ ਸਿੰਘ, ਬਿਕਰਮ ਸਿੰਘ ਵਰਪਾਲ, ਜੋਗਿੰਦਰ ਪਾਲ, ਜਗਜੀਤ ਸਿੰਘ ਕੋਹਲੀ ਤੇ ਨਵਪ੍ਰੀਤ ਸਿੰਘ ਆਦਿ ਸਾਥੀ ਹਾਜਰ ਸਨ।

# ਵਿਧਾਇਕ ਦੇਵ ਮਾਨ ਨੇ ਐਮ ਐਲ ਏ ਦਫਤਰ ਨਾਭਾ ਵਿਖੇ ਲੋਕਾਂ ਦੀਆਂ ਮੁਸ਼ਿਕਲਾਂ ਸੁਣੀਆਂ

## ਮੌਕੇ ਤੇ ਸੰਬੰਧਤ ਵਿਭਾਗ ਦੇ ਅਫਸਰਾਂ ਨੂੰ ਮੁਸ਼ਿਕਲਾ ਹੱਲ ਕਰਨ ਦਿੱਤੇ ਨਿਰਦੇਸ਼



**ਨਾਭਾ 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਸਾਰੇ ਐਮ ਐਲ ਏ ਨੂੰ ਨਿਰਦੇਸ਼ ਦਿੱਤੇ ਹਨ ਕਿ ਆਪਣੇ ਆਪਣੇ ਹਲਕਿਆ ਵਿੱਚ ਲੋਕਾਂ ਦੇ ਕੰਮਾਂ ਨੂੰ ਪੂਰਾ ਕੀਤਾ ਜਾਵੇ ਅਤੇ ਲੋਕਾਂ ਨੂੰ ਆ ਰਹੀਆਂ ਮੁਸ਼ਿਕਲ ਦਾ ਹੱਲ ਕੀਤਾ ਇੰਨਾ ਵਿਚਾਰਾਂ ਦਾ ਪ੍ਰਗਟਾਵਾ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਨੇ ਆਪਣੇ ਦਫਤਰ ਨਾਭਾ ਲੋਕਾਂ ਦੀਆਂ ਮੁਸ਼ਿਕਲ ਸੁਣਨ ਉਪਰੰਤ ਕੀਤਾ ਉਨਾਂ ਦੱਸਿਆ ਕਿ ਅੱਜ ਜੋ ਵੀ ਕੋਈ ਸਮੱਸਿਆ ਲੈਕੇ ਆਇਆ ਉਸਨੂੰ ਹੱਲ ਕਰਨ ਲਈ ਸਬੰਧਿਤ ਵਿਭਾਗ ਦੇ ਅਫਸਰ ਨੂੰ ਨਿਰਦੇਸ਼ ਦਿੱਤੇ ਗਏ ਹਨ ਉਨਾਂ ਕਿਹਾ ਉਹ 24 ਘੰਟੇ ਹਲਕਾ ਨਿਵਾਸੀਆਂ ਦੀ ਸੇਵਾ ਵਿੱਚ ਹਾਜ਼ਰ ਹਨ ਉਨਾਂ ਦੱਸਿਆ ਕਿ ਹਲਕਾ ਨਾਭਾ ਦੇ ਪਿੰਡਾਂ ਅਤੇ ਸਹਿਰ ਵਿੱਚ ਰਹਿੰਦੇ ਵਿਕਾਸ ਕਾਰਜ ਜਲਦ ਸੁਰੂ ਕਰਵਾਏ ਜਾਣਗੇ ਇਸ ਮੋਕੇ ਉਨਾਂ ਦੇ ਨਾਲ ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ , ਗੁਲਾਬ ਮਾਨ, ਤੇਜਿੰਦਰ ਸਿੰਘ ਖਹਿਰਾ, ਨਿਰਭੈ ਸਿੰਘ ਘੁੰਡਰ, ਗੁਰਪ੍ਰੀਤ ਸਿੰਘ ਗੋਪੀ, ਧਰਮਿੰਦਰ ਸਿੰਘ ਸੁੱਖੇਵਾਲ, ਮਨਪ੍ਰੀਤ ਸਿੰਘ ਕਾਲੀਆ , ਜਸਵੀਰ ਸਿੰਘ ਵਜੀਦਪੁਰ , ਕਮਲ ਭਾਦਸੋਂ, ਰਣਧੀਰ ਸਿੰਘ ਮਟੋਰੜਾ, ਮੇਜਰ ਸਿੰਘ ਤੂੰਗਾਂ, ਭੀਮ ਸਿੰਘ ਬੂਹੀ, ਗੁਰਜੰਟ ਸਿੰਘ ਅੱਚਲ, ਅਤੇ ਹੋਰ ਅਹੁਦੇਦਾਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243